◆ ADVT ◆
ਇੱਥੇ ਇਸ਼ਤਿਹਾਰ ਦਿਓ
98700 06472 · need24.digital

NEED24 NEWS
ਨੀਡ 24 ਨਿਊਜ਼
ਹਰ ਖ਼ਬਰ, ਹਰ ਸ਼ਹਿਰ

◆ ADVT ◆
ਇੱਥੇ ਇਸ਼ਤਿਹਾਰ ਦਿਓ
98700 06472 · need24.digital

DIGITAL E-PAPER

PRGI APPLICATION UNDER PROCESS
Application No. T/GJ/2026/0619/2304/1577
GST GSTIN 24CINPG0564Q1ZT
UDYAM REGISTERED UDYAM-GJ-14-0003714
◆ DIGITAL NEWS NETWORK ◆
ਭਾਰਤ ਦਾ ਭਰੋਸੇਮੰਦ ਬਹੁਭਾਸ਼ੀ ਡਿਜੀਟਲ ਨਿਊਜ਼ ਨੈੱਟਵਰਕ
11+ Languages | 24×7 Live | e-Paper Daily
ਸਾਡੀ App ਡਾਊਨਲੋਡ ਕਰੋ
Download on the App Store
GET IT ON Google Play
www.need24.digital
info@need24.in
+91 98700 06472
FOLLOW US:
तेज़ | सटीक | निष्पक्ष | जनहित में | सच की आवाज़ | जन-जन की आवाज़ | निडर पत्रकारिता

POLITICS

ਪੰਜਾਬ ''ਚ ਵੱਡੀ ਸਿਆਸੀ ਹਲਚਲ! ''ਵਾਰਿਸ ਪੰਜਾਬ ਦੇ'' ਨਾਲ ਗੱਠਜੋੜ ਨੂੰ ਲੈ ਕੇ ਸੀਨੀਅਰ ਆਗੂ ਦਾ ਵੱਡਾ ਬਿਆਨ



ਪੰਜਾਬ "ਚ ਵੱਡੀ ਸਿਆਸੀ ਹਲਚਲ! "ਵਾਰਿਸ ਪੰਜਾਬ ਦੇ" ਨਾਲ ਗੱਠਜੋੜ ਨੂੰ ਲੈ ਕੇ ਸੀਨੀਅਰ ਆਗੂ ਦਾ ਵੱਡਾ ਬਿਆਨ

Tuesday, Nov 17, 2026 ।

ਸੰਗਰੂਰ (ਵੈੱਬ ਡੈਸਕ): ਪੰਜਾਬ ਵਿਚ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਸਿਆਸੀ ਹਲਚਲ ਤੇਜ਼ ਹੋ ਚੁੱਕੀ ਹੈ। ਇਸ ਵਿਚਾਲੇ ਹੁਣ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਅਤੇ ਅਕਾਲੀ ਦਲ 'ਵਾਰਿਸ ਪੰਜਾਬ ਦੇ' ਵਿਚਾਲੇ ਗੱਠਜੋੜ ਦੀ ਸੰਭਾਵਨਾ ਬਾਰੇ ਵੱਡੀ ਖ਼ਬਰ ਸਾਹਮਣੇ ਆ ਰਹੀ ਹੈ। ਦਰਅਸਲ, ਅਕਾਲੀ ਦਲ ਪੁਨਰ ਸੁਰਜੀਤ ਦੇ ਸੀਨੀਅਰ ਆਗੂ ਪਰਮਿੰਦਰ ਸਿੰਘ ਢੀਂਡਸਾ ਦਾ ਵੱਡਾ ਬਿਆਨ ਸਾਹਮਣੇ ਆਇਆ ਹੈ। ਉਨ੍ਹਾਂ ਆਖਿਆ ਹੈ ਕਿ ਉਨ੍ਹਾਂ ਦੀ ਅਕਾਲੀ ਦਲ ਵਾਰਿਸ ਪੰਜਾਬ ਦੇ ਨਾਲ ਗੱਠਜੋੜ ਨੂੰ ਲੈ ਕੇ ਗੱਲਬਾਤ ਚੱਲ ਰਹੀ ਹੈ ਤੇ ਇਸ ਸਬੰਧੀ 2 ਮੀਟਿੰਗਾਂ ਵੀ ਹੋ ਚੁੱਕੀਆਂ ਹਨ।

ਇਕ ਨਿੱਜੀ ਚੈਨਲ ਨਾਲ ਗੱਲਬਾਤ ਦੌਰਾਨ ਪਰਮਿੰਦਰ ਸਿੰਘ ਢੀਂਡਸਾ ਨੇ ਕਿਹਾ ਕਿ ਉਨ੍ਹਾਂ ਨੇ ਪਾਰਟੀ ਤੋਂ ਇਜਾਜ਼ਤ ਲੈ ਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਦੇ ਆਗੂਆਂ ਨਾਲ 1-2 ਮੀਟਿੰਗਾਂ ਵੀ ਕੀਤੀਆਂ ਹਨ, ਜੋ ਕਾਫ਼ੀ ਹਾਂਪੱਖੀ ਰਹੀਆਂ ਹਨ। ਹਾਲਾਂਕਿ ਇਸ ਬਾਰੇ ਫ਼ਿਲਹਾਲ ਕੋਈ ਸਿੱਟਾ ਨਹੀਂ ਨਿਕਲ ਸਕਿਆ, ਪਰ ਹਜੇ ਗੱਲਬਾਤ ਜਾਰੀ ਹੈ। ਉਨ੍ਹਾਂ ਕਿਹਾ ਕਿ ਸਿਆਸਤ ਪੰਜਾਬ ਦੇ ਮੁੱਦਿਆਂ 'ਤੇ ਅਧਾਰਤ ਹੋਣੀ ਚਾਹੀਦੀ ਹੈ ਤੇ ਇਕਜੁੱਟਦਾ ਦੇ ਨਾਲ ਹੀ ਅਸੀਂ ਪੰਜਾਬ ਦੀ ਮਜ਼ਬੂਤੀ ਦੇ ਲਈ ਕੰਮ ਕਰ ਸਕਦੇ ਹਾਂ।

ਇਸ ਦੌਰਾਨ ਢੀਂਡਸਾ ਨੇ ਇਹ ਵੀ ਆਖ਼ਿਆ ਕਿ ਸ਼੍ਰੋਮਣੀ ਅਕਾਲੀ ਦਲ ਨਾਲ ਜਿਨ੍ਹਾਂ ਮਤਭੇਦਾਂ ਕਾਰਨ ਉਨ੍ਹਾਂ ਦੇ ਵਖਰੇਵੇਂ ਸਨ, ਉਹ ਮਤਭੇਦ ਅਜੇ ਵੀ ਬਰਕਰਾਰ ਹਨ। ਉਨ੍ਹਾਂ ਕਿਹਾ ਕਿ ਜੇਕਰ 2 ਦਸੰਬਰ ਦੇ ਫ਼ੈਸਲੇ ਤੇ ਪਹਿਰਾ ਦਿੰਦੇ ਹੋਏ ਅਕਾਲੀ ਦਲ (ਬਾਦਲ) ਕੋਈ ਸਮਝੌਤਾ ਹੁੰਦਾ ਹੈ ਤਾਂ ਅਸੀਂ ਕਿਸੇ ਗੱਲ ਤੋਂ ਮੁਨਕਰ ਨਹੀਂ। ਇਸ ਦੌਰਾਨ ਉਨ੍ਹਾਂ ਭਾਜਪਾ ਨਾਲ ਗੱਠਜੋੜ ਦੀ ਸੰਭਾਵਨਾ ਬਾਰੇ ਪੁੱਛੇ ਜਾਣ 'ਤੇ ਕਿਹਾ ਕਿ ਇਸ ਬਾਰੇ ਉਨ੍ਹਾਂ ਨੂੰ ਕੋਈ ਜਾਣਕਾਰੀ ਨਹੀਂ ਹੈ, ਇਸ ਬਾਰੇ ਪਾਰਟੀ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਹੀ ਕੁਝ ਦੱਸ ਸਕਦੇ ਹਨ।

— Shamsher Singh

ਠੰਢ ਕਾਰਨ ਬਦਲਿਆ ਸਕੂਲਾਂ ਦਾ ਸਮਾਂ ! ਕਸ਼ਮੀਰ ਸਿੱਖਿਆ ਵਿਭਾਗ ਵਲੋਂ ਨਵਾਂ ਸ਼ਡਿਊਲ ਜਾਰੀ

ਠੰਢ ਕਾਰਨ ਬਦਲਿਆ ਸਕੂਲਾਂ ਦਾ ਸਮਾਂ ! ਕਸ਼ਮੀਰ ਸਿੱਖਿਆ ਵਿਭਾਗ ਵਲੋਂ ਨਵਾਂ ਸ਼ਡਿਊਲ ਜਾਰੀ Tuesday, Nov 17, 2026 । ਸ਼੍ਰੀਨਗਰ : ਕਸ਼ਮੀਰ ਸਕੂਲ ਸਿੱਖਿਆ ਡਾਇਰੈਕਟੋਰੇਟ (DSEK) ਨੇ ਸੋਮਵਾਰ ਨੂੰ ਕਸ਼ਮੀਰ ਡਿਵੀਜ਼ਨ ਦੇ ਸਾਰੇ ਵਿਦਿਅਕ ਅਦਾਰਿਆਂ ਲਈ 17 ਨਵੰਬਰ ਤੋਂ ਸਕੂਲ ਦੇ ਸਮੇਂ ਵਿੱਚ ਤਬਦੀਲੀ ਦਾ ਆਦੇਸ਼ ਦਿੱਤਾ ਹੈ। ਹੁਕਮ ਵਿੱਚ ਕਿਹਾ ਗਿਆ ਹੈ ਕਿ ਨਰਸਰੀ ਤੋਂ ਅੱ

— Shamsher Singh

ਖੂਨੀ ਡੋਰ ਨੇ ਲਈ ਇਕ ਹੋਰ ਜਾਨ, ਵਧਾਈ ਮੰਗ ਕੇ ਘਰ ਪਰਤ ਰਹੇ ਭੰਡ ਦੀ ਗਲਾ ਕੱਟਣ ਕਾਰਨ ਮੌਤ

ਖੂਨੀ ਡੋਰ ਨੇ ਲਈ ਇਕ ਹੋਰ ਜਾਨ, ਵਧਾਈ ਮੰਗ ਕੇ ਘਰ ਪਰਤ ਰਹੇ ਭੰਡ ਦੀ ਗਲਾ ਕੱਟਣ ਕਾਰਨ ਮੌਤ Tuesday, Nov 17, 2026 । ਤਰਨਤਾਰਨ(need24)- ਪਾਬੰਦੀਸ਼ੁਦਾ ਚਾਈਨਾ ਡੋਰ ਇਕ ਵਾਰ ਫਿਰ ਮਨੁੱਖੀ ਜਾਨ ਲਈ ਕਾਲ ਬਣ ਕੇ ਸਾਹਮਣੇ ਆਈ ਹੈ। ਜ਼ਿਲਾ ਤਰਨਤਾਰਨ ਵਿਚ ਪਤੰਗਬਾਜ਼ੀ ਦਾ ਸੀਜ਼ਨ ਸ਼ੁਰੂ ਹੁੰਦਿਆਂ ਹੀ ਚਾਈਨਾ ਡੋਰ ਕਾਰਨ ਇਕ ਵਿਅਕਤੀ ਦੀ ਦਰਦਨਾਕ ਮੌਤ ਹੋਣ ਦਾ ਮਾਮਲਾ ਸਾਹ

— Shamsher Singh

POLITICS

ਪੰਜਾਬ ਵਿਧਾਨ ਸਭਾ ਚੋਣਾਂ: ਕਾਂਗਰਸੀ ਉਮੀਦਵਾਰਾਂ ਦੇ ਐਲਾਨ ਬਾਰੇ ਵੱਡੀ ਖ਼ਬਰ! ਇਨ੍ਹਾਂ ਆਗੂਆਂ ਨੂੰ ਮਿਲੀ ਵੱਡੀ ਜ਼ਿੰਮੇਵਾਰੀ



ਪੰਜਾਬ ਵਿਧਾਨ ਸਭਾ ਚੋਣਾਂ: ਕਾਂਗਰਸੀ ਉਮੀਦਵਾਰਾਂ ਦੇ ਐਲਾਨ ਬਾਰੇ ਵੱਡੀ ਖ਼ਬਰ! ਇਨ੍ਹਾਂ ਆਗੂਆਂ ਨੂੰ ਮਿਲੀ ਵੱਡੀ ਜ਼ਿੰਮੇਵਾਰੀ

Tuesday, Nov 17, 2026 ।

ਚੰਡੀਗੜ੍ਹ (need24): ਪੰਜਾਬ 'ਚ 2027 ਦੀਆਂ ਵਿਧਾਨ ਸਭਾ ਚੋਣਾਂ ਦੀਆਂ ਤਿਆਰੀਆਂ ਨੂੰ ਲੈ ਕੇ ਕਾਂਗਰਸ ਨੇ ਉਮੀਦਵਾਰਾਂ ਦੀ ਚੋਣ ਨੂੰ ਲੈ ਕੇ ਤਿਆਰੀਆਂ ਤੇਜ਼ ਕਰ ਦਿੱਤੀਆਂ ਹਨ। ਪਾਰਟੀ ਹਾਈਕਮਾਂਡ ਵੱਲੋਂ ਇਸ ਮੰਤਵ ਲਈ ਸਕ੍ਰੀਨਿੰਗ ਕਮੇਟੀ ਦਾ ਗਠਨ ਕਰ ਦਿੱਤਾ ਗਿਆ ਹੈ। ਕਾਂਗਰਸ ਦੇ ਕੌਮੀ ਪ੍ਰਧਾਨ ਦੀ ਮਨਜ਼ੂਰੀ ਤੋਂ ਬਾਅਦ ਆਲ ਇੰਡੀਆ ਕਾਂਗਰਸ ਕਮੇਟੀ ਦੇ ਜਨਰਲ ਸਕੱਤਰ ਕੇ.ਸੀ. ਵੇਣੂਗੋਪਾਲ ਵੱਲੋਂ ਜਾਰੀ ਰਿਲੀਜ਼ ਅਨੁਸਾਰ ਪੰਜਾਬ ਲਈ ਡਾ. ਸਿਰੀਵੇਲਾ ਪ੍ਰਸਾਦ ਨੂੰ ਸਕ੍ਰੀਨਿੰਗ ਕਮੇਟੀ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ। ਇਸ ਤੋਂ ਇਲਾਵਾ ਸਚਿਨ ਸਾਵੰਤ ਤੇ ਨਿਵੇਦਿਤ ਅਲਵਾ ਨੂੰ ਕਮੇਟੀ ਦੇ ਮੈਂਬਰ ਬਣਾਇਆ ਗਿਆ ਹੈ। ਇਹ ਨਿਯੁਕਤੀਆਂ ਤੁਰੰਤ ਪ੍ਰਭਾਵ ਨਾਲ ਲਾਗੂ ਹੋਣਗੀਆਂ। ਹੁਕਮਾਂ ਅਨੁਸਾਰ ਸਬੰਧਤ ਸੂਬੇ ਦੇ ਕਾਂਗਰਸ ਇੰਚਾਰਜ ਜਨਰਲ ਸਕੱਤਰ, ਪ੍ਰਦੇਸ਼ ਕਾਂਗਰਸ ਕਮੇਟੀ ਪ੍ਰਧਾਨ, ਵਿਧਾਨ ਸਭਾ 'ਚ ਵਿਰੋਧੀ ਧਿਰ ਦੇ ਨੇਤਾ ਤੇ ਸੂਬੇ ਨਾਲ ਜੁੜੇ ਏ.ਆਈ.ਸੀ.ਸੀ. ਸਕੱਤਰ ਵੀ ਸਕ੍ਰੀਨਿੰਗ ਕਮੇਟੀ ਦੇ ਅਹੁਦੇਨ ਮੈਂਬਰ ਹੋਣਗੇ। ਇਸ ਕਮੇਟੀ ਦੀ ਅਹਿਮ ਜ਼ਿੰਮੇਵਾਰੀ ਆਗਾਮੀ ਵਿਧਾਨ ਸਭਾ ਚੋਣਾਂ ਲਈ ਉਮੀਦਵਾਰਾਂ ਦੀ ਸਕ੍ਰੀਨਿੰਗ ਕਰਨਾ ਹੋਵੇਗੀ। ਕਾਂਗਰਸ ਵੱਲੋਂ ਇਹ ਕਦਮ ਪੰਜਾਬ ਸਮੇਤ ਹੋਰਨਾਂ ਸੂਬਿਆਂ 'ਚ ਚੋਣ ਤਿਆਰੀਆਂ ਨੂੰ ਲੈ ਕੇ ਚੁੱਕਿਆ ਗਿਆ ਹੈ।

— Shamsher Singh

VIRAL & TRENDING

Punjab Diwali Bumper : ਡੇਰਾਬੱਸੀ ਦੇ ਕਿਸਾਨ ਦਾ ਨਿਕਲੀ 12 ਕਰੋੜ ਦੀ ਲਾਟਰੀ, ਰਾਤ 11 ਵਜੇ ਮਿਲੀ ਖ਼ੁਸ਼ਖ਼ਬਰੀ



Punjab Diwali Bumper : ਡੇਰਾਬੱਸੀ ਦੇ ਕਿਸਾਨ ਦਾ ਨਿਕਲੀ 12 ਕਰੋੜ ਦੀ ਲਾਟਰੀ, ਰਾਤ 11 ਵਜੇ ਮਿਲੀ ਖ਼ੁਸ਼ਖ਼ਬਰੀ

Tuesday, Nov 17, 2026 ।

ਡੇਰਾਬੱਸੀ (need24) : ਡੇਰਾਬੱਸੀ ਨੇੜਲੇ ਪਿੰਡ ਹਮਾਯੂੰਪੁਰ ਦੇ ਇਕ ਸਾਧਾਰਨ ਕਿਸਾਨ ਦੀ ਕਿਸਮਤ ਰਾਤੋ-ਰਾਤ ਚਮਕ ਗਈ, ਜਦੋਂ ਉਸ ਦੀ 12 ਕਰੋੜ ਰੁਪਏ ਦੀ ਦੀਵਾਲੀ ਬੰਪਰ ਲਾਟਰੀ ਨਿਕਲ ਆਈ। ਇਸ ਵੱਡੀ ਖ਼ੁਸ਼ਖ਼ਬਰੀ ਤੋਂ ਬਾਅਦ ਜਿੱਥੇ ਜੇਤੂ ਕਿਸਾਨ ਦੇ ਪਰਿਵਾਰ ਦੀ ਖ਼ੁਸ਼ੀ ਦਾ ਕੋਈ ਟਿਕਾਣਾ ਨਹੀਂ ਰਿਹਾ, ਉੱਥੇ ਹੀ ਪੂਰੇ ਪਿੰਡ 'ਚ ਜਸ਼ਨ ਵਰਗਾ ਮਾਹੌਲ ਬਣ ਗਿਆ। ਪਿੰਡ ਵਾਸੀ ਅਤੇ ਰਿਸ਼ਤੇਦਾਰ ਕਿਸਾਨ ਨੂੰ ਵਧਾਈਆਂ ਦੇ ਰਹੇ ਹਨ। ਪ੍ਰਾਪਤ ਜਾਣਕਾਰੀ ਅਨੁਸਾਰ ਕਰੀਬ 45 ਸਾਲਾ ਬਲਜਿੰਦਰ ਸਿੰਘ ਪੁੱਤਰ ਮਹਿੰਦਰ ਸਿੰਘ ਵਾਸੀ ਪਿੰਡ ਹਮਾਯੂੰਪੁਰ ਖੇਤੀਬਾੜੀ ਕਰਕੇ ਆਪਣੇ ਪਰਿਵਾਰ ਦਾ ਗੁਜ਼ਾਰਾ ਕਰਦਾ ਹੈ। ਉਸ ਨੇ ਦੀਵਾਲੀ ਤੋਂ ਪਹਿਲਾਂ ਹੰਡੇਸਰਾ ਦੇ ਲਾਟਰੀ ਵਿਕਰੇਤਾ ਆਸ਼ੂ ਗਰਗ ਕੋਲੋਂ ਦੀਵਾਲੀ ਬੰਪਰ ਦੀ ਟਿਕਟ ਖ਼ਰੀਦੀ ਸੀ।

ਕਿਸਮਤ ਨੇ ਉਸ ਦਾ ਸਾਥ ਦਿੱਤਾ ਅਤੇ ਬੀਤੀ ਰਾਤ ਕਰੀਬ 11 ਵਜੇ ਉਸ ਨੂੰ ਪਤਾ ਲੱਗਿਆ ਕਿ ਉਸ ਦੀ ਟਿਕਟ 'ਤੇ 12 ਕਰੋੜ ਰੁਪਏ ਦਾ ਪਹਿਲਾ ਇਨਾਮ ਨਿਕਲਿਆ ਹੈ। ਇਹ ਖ਼ਬਰ ਮਿਲਦਿਆਂ ਹੀ ਬਲਜਿੰਦਰ ਸਿੰਘ ਦੇ ਪਰਿਵਾਰਕ ਮੈਂਬਰਾਂ, ਸਕੇ-ਸੰਬੰਧੀਆਂ ਅਤੇ ਜਾਣਕਾਰਾਂ 'ਚ ਖ਼ੁਸ਼ੀ ਦੀ ਲਹਿਰ ਦੌੜ ਗਈ। ਦੋ ਬੱਚਿਆਂ ਦੇ ਪਿਤਾ ਬਲਜਿੰਦਰ ਸਿੰਘ ਦਾ ਪਰਿਵਾਰ ਹੁਣ ਤੱਕ ਸਾਦਾ ਜੀਵਨ ਬਤੀਤ ਕਰ ਰਿਹਾ ਸੀ। ਅਚਾਨਕ ਮਿਲੀ ਇਸ ਵੱਡੀ ਖ਼ੁਸ਼ੀ ਨੇ ਪਰਿਵਾਰ ਦੀਆਂ ਖ਼ੁਸ਼ੀਆਂ ਨੂੰ ਚਾਰ ਚੰਨ ਲਗਾ ਦਿੱਤੇ ਹਨ।

ਪਰਿਵਾਰ ਦੇ ਨਜ਼ਦੀਕੀਆਂ ਅਨੁਸਾਰ ਹਾਲੇ ਤੱਕ ਇਨਾਮੀ ਰਾਸ਼ੀ ਦੀ ਵਰਤੋਂ ਸਬੰਧੀ ਕੋਈ ਯੋਜਨਾ ਨਹੀਂ ਬਣਾਈ ਗਈ। ਉੱਧਰ, ਇਨਾਮ ਦੀ ਰਕਮ ਹਾਸਲ ਕਰਨ ਲਈ ਜ਼ਰੂਰੀ ਕਾਗਜ਼ੀ ਕਾਰਵਾਈ ਪੂਰੀ ਕਰਨ ਵਾਸਤੇ ਬਲਜਿੰਦਰ ਸਿੰਘ ਆਪਣੇ ਸਾਥੀਆਂ ਸਮੇਤ ਜ਼ੀਰਕਪੁਰ ਸਥਿਤ ਰਤਨ ਲਾਟਰੀ ਦੇ ਦਫ਼ਤਰ ਲਈ ਰਵਾਨਾ ਹੋ ਗਿਆ ਹੈ। ਇਸ ਖ਼ਬਰ ਤੋਂ ਬਾਅਦ ਪਿੰਡ ਹਮਾਯੂੰਪੁਰ 'ਚ ਹਰ ਪਾਸੇ ਬਲਜਿੰਦਰ ਸਿੰਘ ਦੀ ਕਿਸਮਤ ਦੀ ਚਰਚਾ ਹੋ ਰਹੀ ਹੈ।

— Shamsher Singh

POLITICS

PM ਮੋਦੀ ਨੇ ਫਿਰ ਵਧਾਇਆ ਦੇਸ਼ ਦਾ ਮਾਣ, ਸੰਮੇਲਨ ਦੌਰਾਨ ਫਰਸ਼ ''ਤੇ ਪਏ ਤਿਰੰਗੇ ਦੇ ਸਟਿੱਕਰ ਨੂੰ ਚੁੱਕ ਜੇਬ ''ਚ ਪਾਇਆ



PM ਮੋਦੀ ਨੇ ਫਿਰ ਵਧਾਇਆ ਦੇਸ਼ ਦਾ ਮਾਣ, ਸੰਮੇਲਨ ਦੌਰਾਨ ਫਰਸ਼ "ਤੇ ਪਏ ਤਿਰੰਗੇ ਦੇ ਸਟਿੱਕਰ ਨੂੰ ਚੁੱਕ ਜੇਬ "ਚ ਪਾਇਆ

Tuesday, Nov 17, 2026।

ਇੰਟਰਨੈਸ਼ਨਲ ਡੈਸਕ : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਅਮਰੀਕੀ ਰਾਸ਼ਟਰਪਤੀ ਟਰੰਪ ਦੀ ਮੰਗਲਵਾਰ ਨੂੰ ਫਿਲੀਪੀਨਜ਼ ਵਿਚ ਮੁਲਾਕਾਤ ਹੋਈ। ਦੋਵੇਂ ਨੇਤਾ ਰਾਜਧਾਨੀ ਮਨੀਲਾ ਵਿਚ ਹੋ ਰਹੀ ਕਵਾਡ ਮੀਟਿੰਗ 'ਚ ਸ਼ਾਮਲ ਹੋਏ। ਟਰੰਪ ਨੇ ਮੋਦੀ ਦੀ ਤਾਰੀਫ਼ ਕੀਤੀ ਅਤੇ ਕਿਹਾ ਕਿ ਉਹ 'ਟੱਫ ਇਨਸਾਨ' ਹਨ। ਕਵਾਡ ਮੀਟਿੰਗ 'ਚ ਪ੍ਰਧਾਨ ਮੰਤਰੀ ਮੋਦੀ, ਡੋਨਾਲਡ ਟਰੰਪ, ਜਾਪਾਨ ਦੀ ਪ੍ਰਧਾਨ ਮੰਤਰੀ ਸਾਨੇ ਤਾਕਾਈਚੀ ਅਤੇ ਆਸਟ੍ਰੇਲੀਆ ਦੇ ਪ੍ਰਧਾਨ ਮੰਤਰੀ ਐਂਥਨੀ ਅਲਬਾਨੀਜ਼ ਸ਼ਾਮਲ ਹੋਏ ਹਨ। ਟਰੰਪ ਨੇ ਮੀਟਿੰਗ ਦੌਰਾਨ ਈਰਾਨ 'ਤੇ ਬਿਆਨ ਦਿੱਤਾ। ਉਨ੍ਹਾਂ ਕਿਹਾ ਕਿ ਈਰਾਨ ਪਾਗਲ ਦੇਸ਼ ਹੈ। ਇਸੇ ਵਜ੍ਹਾ ਨਾਲ ਉਸ ਨੂੰ ਪ੍ਰਮਾਣੂ ਹਥਿਆਰ ਹਾਸਲ ਨਹੀਂ ਕਰਨ ਦਿੱਤੇ ਜਾ ਸਕਦੇ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਐਲਾਨ ਕੀਤਾ ਹੈ ਕਿ 2027 ਵਿਚ ਪਹਿਲੀ ਕਵਾਡ ਬਿਜ਼ਨੈੱਸ ਲੀਡਰਜ਼ ਫੋਰਮ ਦੀ ਮੀਟਿੰਗ ਮੁੰਬਈ ਵਿਚ ਹੋਵੇਗੀ। ਇਸ ਦੌਰਾਨ ਇਕ ਫੋਟੋ ਸੈਸ਼ਨ ਦੌਰਾਨ ਨੇਤਾਵਾਂ ਦੇ ਖੜ੍ਹੇ ਹੋਣ ਦੀ ਜਗ੍ਹਾ ਤੈਅ ਕਰਨ ਲਈ ਜ਼ਮੀਨ 'ਤੇ ਭਾਰਤੀ ਤਿਰੰਗੇ ਦੇ ਰੰਗ ਦਾ ਇੱਕ ਮਾਰਕਰ ਰੱਖਿਆ ਗਿਆ ਸੀ। ਪ੍ਰਧਾਨ ਮੰਤਰੀ ਮੋਦੀ ਨੇ ਝੁਕ ਕੇ ਉਸ ਮਾਰਕਰ ਨੂੰ ਚੁੱਕ ਲਿਆ ਅਤੇ ਆਪਣੀ ਜੇਬ ਵਿੱਚ ਰੱਖ ਲਿਆ।

ਆਸਟ੍ਰੇਲੀਆ ਦੇ ਕਾਰੋਬਾਰੀ, ਸਰਕਾਰੀ ਅਧਿਕਾਰੀ ਅਤੇ ਮਾਹਿਰ ਸ਼ਾਮਲ ਹੋਣਗੇ। ਇਸ ਦਾ ਮਕਸਦ ਚਾਰਾਂ ਦੇਸ਼ਾਂ ਵਿਚਾਲੇ ਵਪਾਰ ਅਤੇ ਕਾਰੋਬਾਰ ਨੂੰ ਹੁਲਾਰਾ ਦੇਣਾ ਹੈ। ਉਨ੍ਹਾਂ ਕਿਹਾ ਕਿ ਭਾਰਤ ਲਈ ਕਵਾਡ ਇਕ ਭਰੋਸੇਮੰਦ ਭਾਈਵਾਲੀ ਹੈ। ਉਨ੍ਹਾਂ ਕਿਹਾ ਕਿ ਸਮੁੰਦਰ ਦੀ ਸੁਰੱਖਿਆ, ਸਾਮਾਨ ਦੀ ਸਪਲਾਈ ਬਣਾਈ ਰੱਖਣ, ਨਵੀਂ ਤਕਨੀਕ ਅਤੇ ਆਫ਼ਤ ਦੇ ਸਮੇਂ ਮਦਦ ਪਹੁੰਚਾਉਣ ਵਰਗੇ ਮੁੱਦਿਆਂ ’ਤੇ ਕਵਾਡ ਮਿਲ ਕੇ ਕੰਮ ਕਰ ਰਿਹਾ ਹੈ। ਸਾਡੀ ਕੋਸ਼ਿਸ਼ ਹੈ ਕਿ ਇਨ੍ਹਾਂ ਸਾਰੇ ਮਾਮਲਿਆਂ ਵਿਚ ਚਾਰੇ ਦੇਸ਼ ਮਿਲ ਕੇ ਭਰੋਸੇਮੰਦ ਹੱਲ ਕੱਢਣ। ਟਰੰਪ ਦੀ ਪੁਤਿਨ ਨਾਲ ਹੋਣ ਵਾਲੀ ਮੁਲਾਕਾਤ ਨੂੰ ਲੈ ਕੇ ਸਵਾਲ ਪੁੱਛਿਆ ਗਿਆ। ਇਸ ’ਤੇ ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਨਹੀਂ ਪਤਾ ਕਿ ਅਜਿਹੀ ਮੁਲਾਕਾਤ ਹੋ ਸਕੇਗੀ ਜਾਂ ਨਹੀਂ, ਪਰ ਜੇ ਮੌਕਾ ਮਿਲਿਆ ਤਾਂ ਉਹ ਜ਼ਰੂਰ ਮਿਲਣਗੇ। ਟਰੰਪ ਨੇ ਦੱਸਿਆ ਕਿ ਪੁਤਿਨ ਚੀਨ ਜਾ ਰਹੇ ਹਨ ਅਤੇ ਉਹ ਵੀ ਚੀਨੀ ਰਾਸ਼ਟਰਪਤੀ ਸ਼ੀ ਜਿਨਪਿੰਗ ਦੇ ਮਹਿਮਾਨ ਹੋਣਗੇ।

ਕ੍ਰਿਟੀਕਲ ਮਿਨਰਲਜ਼ ’ਤੇ ਕਵਾਡ ਦੇਸ਼ਾਂ ਵਿਚ ਸਮਝੌਤਾ

ਕਵਾਡ ਦੇਸ਼ਾਂ ਦੀ ਮੀਟਿੰਗ ਦੌਰਾਨ ਟਰੰਪ ਨੇ ਭਾਰਤ, ਜਾਪਾਨ ਅਤੇ ਆਸਟ੍ਰੇਲੀਆ ਨਾਲ ਕ੍ਰਿਟੀਕਲ ਮਿਨਰਲਜ਼ ਨੂੰ ਲੈ ਕੇ ਕਈ ਅਹਿਮ ਸਮਝੌਤਿਆਂ ਦਾ ਐਲਾਨ ਕੀਤਾ। ਟਰੰਪ ਨੇ ਕਿਹਾ ਕਿ ਇਨ੍ਹਾਂ ਸਮਝੌਤਿਆਂ ਦਾ ਮਕਸਦ ਚਾਰਾਂ ਦੇਸ਼ਾਂ ਦੀ ਸਪਲਾਈ ਚੇਨ ਨੂੰ ਸੁਰੱਖਿਅਤ ਕਰਨਾ ਅਤੇ ਕਿਸੇ ਇਕ ਵਿਦੇਸ਼ੀ ਸਪਲਾਇਰ ’ਤੇ ਨਿਰਭਰਤਾ ਘਟਾਉਣਾ ਹੈ। ਇਸ ਨਾਲ ਕਿਸੇ ਇਕ ਦੇਸ਼ ਨੂੰ ਦੂਜੇ ਦੇਸ਼ਾਂ ’ਤੇ ਆਰਥਿਕ ਦਬਾਅ ਬਣਾਉਣ ਦਾ ਮੌਕਾ ਨਹੀਂ ਮਿਲੇਗਾ। ਉਨ੍ਹਾਂ ਕਿਹਾ ਕਿ ਇਨ੍ਹਾਂ ਸਮਝੌਤਿਆਂ ਨਾਲ ਚਾਰਾਂ ਦੇਸ਼ਾਂ ਦੀ ਤਾਕਤ ਵਧੇਗੀ ਅਤੇ ਉਨ੍ਹਾਂ ਦੀ ਸੁਰੱਖਿਆ ਮਜ਼ਬੂਤ ਹੋਵੇਗੀ।

100 ਸਾਲ ਪੁਰਾਣੇ ਖ਼ਾਲਸਾ ਦੀਵਾਨ ਗੁਰਦੁਆਰੇ ਪਹੁੰਚੇ ਮੋਦੀ

ਪੀ.ਐੱਮ. ਮੋਦੀ ਮੰਗਲਵਾਰ ਨੂੰ ਫਿਲੀਪੀਨਜ਼ ਦੀ ਰਾਜਧਾਨੀ ਮਨੀਲਾ ਵਿਚ 100 ਸਾਲ ਤੋਂ ਵੱਧ ਪੁਰਾਣੇ ਖ਼ਾਲਸਾ ਦੀਵਾਨ ਗੁਰਦੁਆਰੇ ਪਹੁੰਚੇ। ਇੱਥੇ ਉਨ੍ਹਾਂ ਨੇ ਗੁਰਦੁਆਰੇ ਦੇ ਨਵੇਂ ਸਿਰੇ ਤੋਂ ਨਿਰਮਾਣ ਅਤੇ ਸੁਧਾਰ ਦੇ ਕੰਮ ਦਾ ਨੀਂਹ ਪੱਥਰ ਰੱਖਿਆ। ਮੋਦੀ ਨੇ ਕਿਹਾ ਕਿ ਇਸ ਪੁਰਾਣੇ ਗੁਰਦੁਆਰੇ ਵਿਚ ਆ ਕੇ ਉਨ੍ਹਾਂ ਨੂੰ ਬਹੁਤ ਚੰਗਾ ਲੱਗਾ ਅਤੇ ਉਹ ਖ਼ੁਦ ਨੂੰ ਖ਼ੁਸ਼ਕਿਸਮਤ ਮਹਿਸੂਸ ਕਰ ਰਹੇ ਹਨ। ਵਿਦੇਸ਼ ਮੰਤਰਾਲੇ ਨੇ ਸੋਸ਼ਲ ਮੀਡੀਆ ’ਤੇ ਦੱਸਿਆ ਕਿ ਖ਼ਾਲਸਾ ਦੀਵਾਨ ਮਨੀਲਾ ਦਾ ਸਭ ਤੋਂ ਪੁਰਾਣਾ ਗੁਰਦੁਆਰਾ ਹੈ। ਇਹ 100 ਸਾਲ ਤੋਂ ਵੱਧ ਸਮੇਂ ਤੋਂ ਭਾਰਤ ਅਤੇ ਫਿਲੀਪੀਨਜ਼ ਵਿਚਾਲੇ ਦੋਸਤੀ ਅਤੇ ਸੱਭਿਆਚਾਰਕ ਰਿਸ਼ਤਿਆਂ ਨੂੰ ਮਜ਼ਬੂਤ ਕਰਨ ਵਿਚ ਅਹਿਮ ਭੂਮਿਕਾ ਨਿਭਾਅ ਰਿਹਾ ਹੈ।

— Shamsher Singh

INTERNATIONAL

ਵੱਡੀ ਖ਼ਬਰ ; ਭਾਰਤੀਆਂ ਨਾਲ ਭਰੇ ਜਹਾਜ਼ ''ਤੇ ਹੋ ਗਿਆ ਮਿਜ਼ਾਈਲ ਹਮਲਾ ! ਕੇਂਦਰੀ ਮੰਤਰੀ ਨੇ ਖ਼ੁਦ ਦਿੱਤੀ ਜਾਣਕਾਰੀ



ਵੱਡੀ ਖ਼ਬਰ ; ਭਾਰਤੀਆਂ ਨਾਲ ਭਰੇ ਜਹਾਜ਼ "ਤੇ ਹੋ ਗਿਆ ਮਿਜ਼ਾਈਲ ਹਮਲਾ ! ਕੇਂਦਰੀ ਮੰਤਰੀ ਨੇ ਖ਼ੁਦ ਦਿੱਤੀ ਜਾਣਕਾਰੀਇੰਟਰਨੈਸ਼ਨਲ ਡੈਸਕ- ਮਿਡਲ ਈਸਟ ਤੋਂ ਇਕ ਵੱਡੀ ਖ਼ਬਰ ਸਾਹਮਣੇ ਆਈ ਹੈ, ਜਿੱਥੇ ਦੁਨੀਆ ਭਰ ਦੀ ਤੇਲ-ਗੈਸ ਸਪਲਾਈ ਲਈ ਬੇਹੱਦ ਅਹਿਮ ਸਮੁੰਦਰੀ ਲਾਂਘੇ ਹੋਰਮੁਜ਼ 'ਚ ਪਨਾਮਾ ਦੇ ਝੰਡੇ ਵਾਲੇ ਐੱਲ.ਪੀ.ਜੀ. ਟੈਂਕਰ 'ਤਾਰਾ ਗੈਸ' 'ਤੇ ਮਿਜ਼ਾਈਲ ਹਮਲਾ ਕੀਤਾ ਗਿਆ। ਇਸ ਜਹਾਜ਼ 'ਤੇ 24 ਭਾਰਤੀ ਕ੍ਰੂ ਮੈਂਬਰ ਸਵਾਰ ਸਨ। ਕੇਂਦਰੀ ਬੰਦਰਗਾਹਾਂ, ਜਹਾਜ਼ਰਾਨੀ ਅਤੇ ਜਲਮਾਰਗ ਮੰਤਰੀ ਸਰਬਾਨੰਦ ਸੋਨੋਵਾਲ ਨੇ ਮੰਗਲਵਾਰ ਨੂੰ ਪੁਸ਼ਟੀ ਕੀਤੀ ਕਿ ਇਸ ਹਮਲੇ 'ਚ ਜਹਾਜ਼ ਸਵਾਰ 242 ਭਾਰਤੀਆਂ ਸਣੇ 25 ਕ੍ਰੂ ਮੈਂਬਰ ਪੂਰੀ ਤਰ੍ਹਾਂ ਸੁਰੱਖਿਅਤ ਹਨ।

ਕੇਂਦਰੀ ਮੰਤਰੀ ਸਰਬਾਨੰਦ ਸੋਨੋਵਾਲ ਨੇ 'ਐਕਸ' 'ਤੇ ਇਕ ਪੋਸਟ ਸ਼ੇਅਰ ਕਰਦਿਆਂ ਦੱਸਿਆ ਕਿ ਭਾਰਤੀ ਅਧਿਕਾਰੀ ਸਥਿਤੀ 'ਤੇ ਲਗਾਤਾਰ ਨਜ਼ਰ ਰੱਖ ਰਹੇ ਹਨ ਅਤੇ ਕ੍ਰੂ ਮੈਂਬਰਾਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਜਹਾਜ਼ ਪ੍ਰਬੰਧਨ ਕੰਪਨੀ ਨਾਲ ਸੰਪਰਕ 'ਚ ਹਨ।

ਹੋਰਮੁਜ਼ ਅਤੇ ਇਸ ਦੇ ਆਸ-ਪਾਸ ਸਮੁੰਦਰੀ ਸੁਰੱਖਿਆ ਨੂੰ ਲੈ ਕੇ ਤਣਾਅ ਇਕ ਵਾਰ ਫ਼ਿਰ ਸਿਖ਼ਰ 'ਤੇ ਪਹੁੰਚ ਗਿਆ ਹੈ, ਜਿੱਥੇ ਪਿਛਲੇ 24 ਘੰਟਿਆਂ ਦੌਰਾਨ ਘੱਟੋ-ਘੱਟ 4 ਤੇਲ ਟੈਂਕਰਾਂ 'ਤੇ ਹਮਲੇ ਹੋਣ ਦੀ ਖ਼ਬਰ ਮਿਲੀ ਹੈ। ਯੂ.ਕੇ. ਮੈਰੀਟਾਈਮ ਟ੍ਰੇਡ ਆਪ੍ਰੇਸ਼ਨਜ਼ (UKMTO) ਨੇ ਵੀ ਓਮਾਨ ਦੇ ਖਸਾਬ ਤੋਂ 7 ਨੌਟੀਕਲ ਮੀਲ ਦੂਰ ਇੱਕ ਟੈਂਕਰ 'ਤੇ ਹਮਲੇ ਦੀ ਰਿਪੋਰਟ ਦਿੱਤੀ ਹੈ, ਜਿਸ ਦੇ ਸਾਰੇ ਕ੍ਰੂ ਮੈਂਬਰ

ਇਸ ਤੋਂ ਪਹਿਲਾਂ ਇਰਾਨੀ ਮੀਡੀਆ ਰਿਪੋਰਟਾਂ ਅਨੁਸਾਰ, ਇਰਾਨੀ ਨੇਵੀ ਨੇ ਦੱਸਿਆ ਕਿ ਪੂਰਬੀ ਹੋਰਮੁਜ਼ ਦੇ ਪਾਬੰਦੀਸ਼ੁਦਾ ਖੇਤਰ 'ਚ ਨੈਵੀਗੇਸ਼ਨ ਸਿਸਟਮ ਬੰਦ ਕਰ ਕੇ ਲੰਘ ਰਿਹਾ ਇੱਕ ਟੈਂਕਰ ਸਮੁੰਦਰੀ ਮਾਈਨ ਨਾਲ ਟਕਰਾ ਗਿਆ, ਜਿਸ ਕਾਰਨ ਇਸ ਨੂੰ ਅੱਗ ਲੱਗ ਗਈ।

ਇਸੇ ਤਰ੍ਹਾਂ ਸ਼ਨੀਵਾਰ ਨੂੰ ਵੀ ਇਰਾਨੀ ਫ਼ੌਜ ਨੇ 3 ਤੇਲ ਟੈਂਕਰਾਂ 'ਚ ਧਮਾਕੇ ਅਤੇ ਅੱਗ ਲੱਗਣ ਦੀ ਪੁਸ਼ਟੀ ਕੀਤੀ ਸੀ। ਇਰਾਨੀ ਸਮੁੰਦਰੀ ਫ਼ੌਜ ਨੇ ਜਹਾਜ਼ ਕੰਪਨੀਆਂ ਨੂੰ ਸਖ਼ਤ ਚਿਤਾਵਨੀ ਦਿੱਤੀ ਹੈ ਕਿ ਬਿਨਾਂ ਤਾਲਮੇਲ ਅਤੇ ਨਿਯਮਾਂ ਦੇ ਉਲਟ ਪਾਬੰਦੀਸ਼ੁਦਾ ਸਮੁੰਦਰੀ ਖੇਤਰਾਂ 'ਚ ਦਾਖ਼ਲ ਹੋਣ ਵਾਲੇ ਜਹਾਜ਼ਾਂ ਨੂੰ ਸਮੁੰਦਰੀ ਮਾਈਨਜ਼ ਅਤੇ ਅੱਗ ਦਾ ਸਾਹਮਣਾ ਕਰਨਾ ਪਵੇਗਾ। ਇਸ ਲਈ ਬਿਨਾਂ ਇਜਾਜ਼ਤ ਕੋਈ ਵੀ ਜਹਾਜ਼ ਇੱਥੋਂ ਚੋਰੀ-ਛਿਪੇ ਨਿਕਲਣ ਦੀ ਕੋਸ਼ਿਸ਼ ਨਾ ਕਰੇ।

— Shamsher Singh

ਪੰਜ ਮਿੰਟਾਂ ਲਈ ਆਟੋ ਛੱਡਣਾ ਪਿਆ ਮਹਿੰਗਾ, ਬਠਿੰਡਾ ਪੁਲਿਸ ਨੇ ਲੱਭ ਕੇ ਮਾਲਕ ਨੂੰ ਸੌਂਪਿਆ ਰੋਜ਼ੀ-ਰੋਟੀ ਦਾ ਸਹਾਰਾ



ਚੋਰੀ ਹੋਏ ਇਲੈਕਟ੍ਰਿਕ ਆਟੋ ਦੀ ਪੀਸੀਆਰ ਟੀਮ ਨੇ ਕੀਤੀ ਭਾਲ; ਟਾਇਰਾਂ ਤੋਂ ਬਿਨਾਂ ਸੁੰਨਸਾਨ ਥਾਂ ’ਤੇ ਮਿਲਿਆ ਵਾਹਨ

ਬਠਿੰਡਾ, 17 ਨਵੰਬਰ (ਜੀਵਨ ਬਾਂਸਲ): ਰੇਲਵੇ ਸਟੇਸ਼ਨ ਦੇ ਬਾਹਰ ਮਹਿਜ਼ ਪੰਜ ਮਿੰਟ ਲਈ ਚਾਹ ਪੀਣ ਗਏ ਇੱਕ ਮਿਹਨਤਕਸ਼ ਵਿਅਕਤੀ ਦਾ ਇਲੈਕਟ੍ਰਿਕ ਆਟੋ ਰਿਕਸ਼ਾ ਚੋਰੀ ਹੋ ਗਿਆ, ਜਿਸ ਕਾਰਨ ਉਸ ਦੇ ਪਰਿਵਾਰ ਦੀ ਰੋਜ਼ੀ-ਰੋਟੀ ਦਾ ਸਹਾਰਾ ਖੁੱਸ ਗਿਆ ਸੀ। ਪਰ ਬਠਿੰਡਾ ਪੁਲਿਸ ਦੀ ਪੀਸੀਆਰ ਟੀਮ ਦੀ ਮੁਸਤੈਦੀ ਸਦਕਾ ਚੋਰੀ ਹੋਇਆ ਆਟੋ ਲੱਭ ਕੇ ਮੁੜ ਮਾਲਕ ਦੇ ਹਵਾਲੇ ਕਰ ਦਿੱਤਾ ਗਿਆ।

ਪੁਲਿਸ ਵੱਲੋਂ ਜਾਰੀ ਜਾਣਕਾਰੀ ਅਨੁਸਾਰ ਇਹ ਘਟਨਾ 12 ਨਵੰਬਰ 2026 ਦੀ ਹੈ। ਅਮਿਤ ਸਿੰਘ ਪੁੱਤਰ ਗੁਰਮੀਤ ਸਿੰਘ ਵਾਸੀ ਗਲੀ ਨੰਬਰ 8, ਜਨਤਾ ਨਗਰ, ਬਠਿੰਡਾ ਨੇ ਰੇਲਵੇ ਸਟੇਸ਼ਨ ਦੇ ਬਾਹਰ ਤਾਇਨਾਤ ਪੀਸੀਆਰ ਟੀਮ ਨੂੰ ਦੱਸਿਆ ਕਿ ਉਹ ਆਪਣਾ ਇਲੈਕਟ੍ਰਿਕ ਆਟੋ ਰਿਕਸ਼ਾ ਉੱਥੇ ਖੜ੍ਹਾ ਕਰਕੇ ਮਹਿਜ਼ ਪੰਜ ਮਿੰਟ ਲਈ ਚਾਹ ਪੀਣ ਗਿਆ ਸੀ। ਜਦੋਂ ਉਹ ਵਾਪਸ ਆਇਆ ਤਾਂ ਆਟੋ ਉੱਥੋਂ ਗਾਇਬ ਸੀ। ਆਟੋ ਹੀ ਉਸ ਦੀ ਰੋਜ਼ੀ-ਰੋਟੀ ਦਾ ਮੁੱਖ ਸਾਧਨ ਸੀ, ਜਿਸ ਦੇ ਚੋਰੀ ਹੋਣ ਕਾਰਨ ਉਹ ਕਾਫ਼ੀ ਪਰੇਸ਼ਾਨ ਹੋ ਗਿਆ।

ਪੀੜਤ ਦੀ ਸਮੱਸਿਆ ਨੂੰ ਗੰਭੀਰਤਾ ਨਾਲ ਲੈਂਦਿਆਂ ਪੀਸੀਆਰ ਟੀਮ ਨੇ ਤੁਰੰਤ ਆਟੋ ਦੀ ਭਾਲ ਸ਼ੁਰੂ ਕਰ ਦਿੱਤੀ। ਏ.ਐੱਸ.ਆਈ. ਸੰਜੀਵ ਕੁਮਾਰ, ਏ.ਐੱਸ.ਆਈ. ਜਸਵੀਰ ਸਿੰਘ, ਏ.ਐੱਸ.ਆਈ. ਪਵਨ ਕੁਮਾਰ ਅਤੇ ਸੀਨੀਅਰ ਕਾਂਸਟੇਬਲ ਲਵਪ੍ਰੀਤ ਸਿੰਘ ਨੇ ਇਲਾਕੇ ਵਿੱਚ ਲਗਾਤਾਰ ਤਲਾਸ਼ੀ ਕੀਤੀ ਅਤੇ ਹਿਊਮਨ ਇੰਟੈਲੀਜੈਂਸ ਰਾਹੀਂ ਵੀ ਜਾਣਕਾਰੀ ਇਕੱਠੀ ਕੀਤੀ।

ਇਸ ਦੌਰਾਨ ਇੱਕ ਰਾਹਗੀਰ ਨੇ ਪੁਲਿਸ ਟੀਮ ਨੂੰ ਸੂਚਨਾ ਦਿੱਤੀ ਕਿ ਇੱਕ ਸੁੰਨਸਾਨ ਜਗ੍ਹਾ ’ਤੇ ਟਾਇਰਾਂ ਤੋਂ ਬਿਨਾਂ ਇਲੈਕਟ੍ਰਿਕ ਆਟੋ ਰਿਕਸ਼ਾ ਖੜ੍ਹਾ ਹੈ। ਪੁਲਿਸ ਮੁਲਾਜ਼ਮਾਂ ਨੇ ਤੁਰੰਤ ਮੌਕੇ ’ਤੇ ਪਹੁੰਚ ਕੇ ਆਟੋ ਦੀ ਜਾਂਚ ਕੀਤੀ ਅਤੇ ਸਬੰਧਤ ਕੰਪਨੀ ਦੇ ਸਟੋਰ ਤੋਂ ਮਾਲਕ ਬਾਰੇ ਜਾਣਕਾਰੀ ਹਾਸਲ ਕੀਤੀ। ਜਾਂਚ ਦੌਰਾਨ ਆਟੋ ਦੀ ਪਛਾਣ ਅਮਿਤ ਸਿੰਘ ਦੇ ਵਾਹਨ ਵਜੋਂ ਹੋਈ।

ਇਸ ਤੋਂ ਬਾਅਦ ਆਟੋ ਮਾਲਕ ਨੇ ਖੁਦ ਟਾਇਰਾਂ ਦਾ ਪ੍ਰਬੰਧ ਕੀਤਾ ਅਤੇ ਵਾਹਨ ਨੂੰ ਮੁੜ ਚੱਲਣਯੋਗ ਹਾਲਤ ਵਿੱਚ ਲਿਆ ਕੇ ਆਪਣੇ ਕਬਜ਼ੇ ਵਿੱਚ ਲੈ ਲਿਆ। ਆਟੋ ਵਾਪਸ ਮਿਲਣ ਨਾਲ ਉਸ ਦੀ ਰੋਜ਼ੀ-ਰੋਟੀ ਦਾ ਸਾਧਨ ਮੁੜ ਬਹਾਲ ਹੋ ਗਿਆ।

ਬਠਿੰਡਾ ਪੁਲਿਸ ਦੀ ਇਸ ਕਾਰਵਾਈ ਨਾਲ ਇੱਕ ਮਿਹਨਤਕਸ਼ ਪਰਿਵਾਰ ਨੂੰ ਵੱਡੀ ਰਾਹਤ ਮਿਲੀ ਹੈ। ਕਿਸੇ ਕੰਮਕਾਜੀ ਵਿਅਕਤੀ ਲਈ ਉਸ ਦਾ ਵਾਹਨ ਸਿਰਫ਼ ਆਉਣ-ਜਾਣ ਦਾ ਸਾਧਨ ਨਹੀਂ ਹੁੰਦਾ, ਸਗੋਂ ਪਰਿਵਾਰ ਦੀ ਰੋਜ਼ੀ-ਰੋਟੀ ਨਾਲ ਜੁੜਿਆ ਹੁੰਦਾ ਹੈ। ਪੀਸੀਆਰ ਟੀਮ ਦੀ ਤੁਰੰਤ ਕਾਰਵਾਈ ਅਤੇ ਲਗਾਤਾਰ ਭਾਲ ਸਦਕਾ ਆਟੋ ਮਾਲਕ ਨੂੰ ਆਪਣਾ ਕੰਮ ਮੁੜ ਸ਼ੁਰੂ ਕਰਨ ਦਾ ਮੌਕਾ ਮਿਲਿਆ।

ਪੁਲਿਸ ਵੱਲੋਂ ਕਿਹਾ ਗਿਆ ਕਿ ਲੋਕਾਂ ਦੀ ਜਾਨ-ਮਾਲ ਦੀ ਸੁਰੱਖਿਆ ਅਤੇ ਉਨ੍ਹਾਂ ਦੀ ਮਿਹਨਤ ਦੀ ਕਮਾਈ ਦੀ ਰਾਖੀ ਲਈ ਬਠਿੰਡਾ ਪੁਲਿਸ ਵਚਨਬੱਧ ਹੈ। ਪੀਸੀਆਰ ਟੀਮ ਦੇ ਇਸ ਯਤਨ ਦੀ ਲੋਕ-ਸੇਵਾ ਅਤੇ ਜ਼ਿੰਮੇਵਾਰੀ ਦੀ ਭਾਵਨਾ ਵਜੋਂ ਸ਼ਲਾਘਾ ਕੀਤੀ ਜਾ ਰਹੀ ਹੈ।

— Jiwan kumar, Bathinda

IPL ''ਚ MS ਧੋਨੀ ਦੇ ਭਵਿੱਖ ਨੂੰ ਲੈ ਕੇ ਵੱਡਾ ਫ਼ੈਸਲਾ, CSK ਮਾਲਕ ਨੇ ਕੀਤਾ ਖ਼ੁਦ ਐਲਾਨ



IPL "ਚ MS ਧੋਨੀ ਦੇ ਭਵਿੱਖ ਨੂੰ ਲੈ ਕੇ ਵੱਡਾ ਫ਼ੈਸਲਾ, CSK ਮਾਲਕ ਨੇ ਕੀਤਾ ਖ਼ੁਦ ਐਲਾਨ

Tuesday, Nov 17, 2026 ।

ਸਪੋਰਟਸ ਡੈਸਕ : ਇੰਡੀਅਨ ਪ੍ਰੀਮੀਅਰ ਲੀਗ (IPL) 2027 ਤੋਂ ਪਹਿਲਾਂ ਚੇਨਈ ਸੁਪਰ ਕਿੰਗਜ਼ ਨੇ ਇੱਕ ਵੱਡਾ ਐਲਾਨ ਕੀਤਾ ਹੈ। ਮਹਿੰਦਰ ਸਿੰਘ ਧੋਨੀ ਨੂੰ ਟੀਮ ਦਾ ਨਵਾਂ ਟੀਮ ਮੈਂਟਰ ਨਿਯੁਕਤ ਕੀਤਾ ਗਿਆ ਹੈ। ਫ੍ਰੈਂਚਾਈਜ਼ੀ ਨੇ ਇਸ ਦੀ ਅਧਿਕਾਰਤ ਪੁਸ਼ਟੀ ਕਰਦਿਆਂ ਕਿਹਾ ਕਿ ਧੋਨੀ ਇਸ ਭੂਮਿਕਾ ਵਿੱਚ ਇੱਕ ਨਵੇਂ ਅਧਿਆਏ ਦੀ ਸ਼ੁਰੂਆਤ ਕਰਨਗੇ। ਇਸ ਐਲਾਨ ਦੇ ਨਾਲ ਹੀ ਇਹ ਵੀ ਸਾਫ਼ ਹੋ ਗਿਆ ਹੈ ਕਿ ਆਈ.ਪੀ.ਐੱਲ. ਵਿੱਚ ਇੱਕ ਖਿਡਾਰੀ ਵਜੋਂ ਧੋਨੀ ਦਾ ਸਫ਼ਰ ਹੁਣ ਖ਼ਤਮ ਹੋ ਗਿਆ ਹੈ।

ਮੈਂਟਰ ਵਜੋਂ ਸੰਭਾਲਣਗੇ ਜ਼ਿੰਮੇਵਾਰੀ ਮਹਿੰਦਰ ਸਿੰਘ ਧੋਨੀ IPL 2027 ਤੋਂ ਚੇਨਈ ਸੁਪਰ ਕਿੰਗਜ਼ ਦੇ ਮੈਂਟਰ ਦੀ ਭੂਮਿਕਾ ਸੰਭਾਲਣਗੇ। ਇਸ ਮੌਕੇ CSK ਦੇ ਮਾਲਕ ਐਨ. ਸ਼੍ਰੀਨਿਵਾਸਨ ਨੇ ਕਿਹਾ ਕਿ "ਧੋਨੀ ਤੋਂ ਬਿਨਾਂ CSK ਦੀ ਕਲਪਨਾ ਨਹੀਂ ਕੀਤੀ ਜਾ ਸਕਦੀ"। ਇਸ ਤੋਂ ਇਲਾਵਾ ਰੂਪਾ ਗੁਰੂਨਾਥ ਅਤੇ ਕੇ.ਐਸ. ਵਿਸ਼ਵਨਾਥਨ ਨੇ ਵੀ ਟੀਮ ਵਿੱਚ ਧੋਨੀ ਦੇ ਅਤੁਲਨੀਯ ਯੋਗਦਾਨ ਨੂੰ ਯਾਦ ਕੀਤਾ। ਸ਼ਾਨਦਾਰ ਰਿਕਾਰਡ ਮਹਿੰਦਰ ਸਿੰਘ ਧੋਨੀ ਦੀ ਕਪਤਾਨੀ ਹੇਠ ਚੇਨਈ ਸੁਪਰ ਕਿੰਗਜ਼ ਨੇ 5 IPL ਖ਼ਿਤਾਬ ਅਤੇ 2 ਚੈਂਪੀਅਨਜ਼ ਲੀਗ T20 ਖ਼ਿਤਾਬ ਜਿੱਤੇ ਹਨ। ਹੁਣ ਉਹ ਖਿਡਾਰੀ ਦੀ ਥਾਂ ਮੈਂਟਰ ਵਜੋਂ ਟੀਮ ਦਾ ਮਾਰਗਦਰਸ਼ਨ ਕਰਨਗੇ।

— Shamsher Singh

ਬਠਿੰਡਾ ਵਿੱਚ ਰਾਜ ਪੱਧਰੀ ਹਾਕੀ ਮੁਕਾਬਲਿਆਂ ਦਾ ਸ਼ਾਨਦਾਰ ਆਗਾਜ਼



ਮੋਹਾਲੀ, ਲੁਧਿਆਣਾ, ਸੰਗਰੂਰ ਤੇ ਮੇਜ਼ਬਾਨ ਬਠਿੰਡਾ ਦੀਆਂ ਟੀਮਾਂ ਨੇ ਅੰਡਰ-14 ਲੜਕੀਆਂ ਦੇ ਮੁਕਾਬਲਿਆਂ ਵਿੱਚ ਦਰਜ ਕੀਤੀਆਂ ਵੱਡੀਆਂ ਜਿੱਤਾਂ

ਬਠਿੰਡਾ, 17 ਨਵੰਬਰ (ਜੀਵਨ ਬਾਂਸਲ): ਖੇਡ ਵਿਭਾਗ ਪੰਜਾਬ ਸਰਕਾਰ ਵੱਲੋਂ ‘ਖੇਡਾਂ ਵਤਨ ਪੰਜਾਬ ਦੀਆਂ-2026 ਸੀਜ਼ਨ 4’ ਤਹਿਤ ਬਠਿੰਡਾ ਵਿਖੇ ਕਰਵਾਈਆਂ ਜਾ ਰਹੀਆਂ ਰਾਜ ਪੱਧਰੀ ਹਾਕੀ ਖੇਡਾਂ ਦਾ ਸ਼ਾਨਦਾਰ ਆਗਾਜ਼ ਹੋਇਆ। ਜ਼ਿਲ੍ਹਾ ਖੇਡ ਅਫ਼ਸਰ ਸ. ਰੁਪਿੰਦਰ ਸਿੰਘ ਬਰਾੜ ਦੀ ਅਗਵਾਈ ਹੇਠ ਅਤੇ ਸਿੱਖਿਆ ਵਿਭਾਗ ਬਠਿੰਡਾ ਦੇ ਸਹਿਯੋਗ ਨਾਲ ਸ਼ੁਰੂ ਹੋਏ ਇਨ੍ਹਾਂ ਮੁਕਾਬਲਿਆਂ ਵਿੱਚ ਪੰਜਾਬ ਭਰ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਖਿਡਾਰੀ ਭਾਗ ਲੈ ਰਹੇ ਹਨ।

ਇਨ੍ਹਾਂ ਮੁਕਾਬਲਿਆਂ ਵਿੱਚ ਅੰਡਰ-14, ਅੰਡਰ-17, ਅੰਡਰ-21 ਤੋਂ ਇਲਾਵਾ 21 ਤੋਂ 30, 31 ਤੋਂ 40, 41 ਤੋਂ 50, 51 ਤੋਂ 60 ਅਤੇ 61 ਤੋਂ 70 ਸਾਲ ਉਮਰ ਵਰਗ ਦੇ ਖਿਡਾਰੀਆਂ ਦੇ ਮੁਕਾਬਲੇ ਕਰਵਾਏ ਜਾਣਗੇ। ਪਹਿਲੇ ਦਿਨ ਅੰਡਰ-14 ਲੜਕੀਆਂ ਦੇ ਮੈਚ ਖੇਡੇ ਗਏ, ਜਿਨ੍ਹਾਂ ਵਿੱਚ ਵੱਖ-ਵੱਖ ਜ਼ਿਲ੍ਹਿਆਂ ਦੀਆਂ ਟੀਮਾਂ ਨੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕੀਤਾ।

ਪੂਲ-ਏ ਦੇ ਮੁਕਾਬਲਿਆਂ ਵਿੱਚ ਗੁਰਦਾਸਪੁਰ ਦੀ ਟੀਮ ਨੇ 2-1 ਨਾਲ ਜਿੱਤ ਦਰਜ ਕੀਤੀ, ਮਲੇਰਕੋਟਲਾ ਨੇ ਸ੍ਰੀ ਮੁਕਤਸਰ ਸਾਹਿਬ ਨੂੰ 3-0 ਨਾਲ ਹਰਾਇਆ ਅਤੇ ਤਰਨਤਾਰਨ ਨੇ ਮੋਗਾ ਨੂੰ 2-0 ਨਾਲ ਮਾਤ ਦਿੱਤੀ। ਇਸੇ ਤਰ੍ਹਾਂ ਲੁਧਿਆਣਾ ਦੀ ਟੀਮ ਨੇ ਗੁਰਦਾਸਪੁਰ ਨੂੰ 6-0 ਦੇ ਵੱਡੇ ਫ਼ਰਕ ਨਾਲ ਹਰਾਇਆ।

ਪੂਲ-ਬੀ ਵਿੱਚ ਫ਼ਿਰੋਜ਼ਪੁਰ ਨੇ ਸ੍ਰੀ ਫ਼ਤਹਿਗੜ੍ਹ ਸਾਹਿਬ ਨੂੰ 1-0 ਨਾਲ, ਸ੍ਰੀ ਅੰਮ੍ਰਿਤਸਰ ਸਾਹਿਬ ਨੇ ਗੁਰਦਾਸਪੁਰ ਨੂੰ 4-0 ਨਾਲ ਅਤੇ ਮੋਹਾਲੀ ਨੇ ਮਾਨਸਾ ਨੂੰ 8-0 ਨਾਲ ਹਰਾਇਆ। ਮੇਜ਼ਬਾਨ ਬਠਿੰਡਾ ਦੀ ਟੀਮ ਨੇ ਵੀ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਫ਼ਿਰੋਜ਼ਪੁਰ ਨੂੰ 5-0 ਨਾਲ ਮਾਤ ਦਿੱਤੀ। ਦਿਨ ਦੇ ਇੱ

ਚੋਣਾਂ ਦੇ ਮੱਦੇਨਜ਼ਰ ਭਾਰਤੀ ਜਨਤਾ ਪਾਰਟੀ ਨੇ ਸੰਗਠਨਾਤਮਕ ਤਿਆਰੀਆਂ ਤੇਜ਼ ਕਰ ਦਿੱਤੀਆਂ ਹਨ। ਇਸ ਦੇ ਮੱਦੇਨਜ਼ਰ ਪੰਜਾਬ ਭਾਜਪਾ ਦੇ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਅਹਿਮ ਨਿਯੁਕਤੀ ਕਰਦਿਆਂ ਲੁਧਿਆਣਾ ਦੇ ਰਹਿਣ ਵਾਲੇ ਜੌਨ ਮਸੀਹ ਨੂੰ ਵੱਡੀ ਜ਼ਿੰਮੇਵਾਰੀ ਸੌਂਪੀ ਹੈ। ਉਨ੍ਹਾਂ ਨੇ ਜੌਨ ਮਸੀਹ ਨੂੰ ਪੰਜਾਬ ਭਾਜਪਾ ਘੱਟ ਗਿਣਤੀ ਮੋਰਚੇ ਦਾ ਨਵਾਂ ਸੂਬਾ ਪ੍ਰਧਾਨ ਨਿਯੁਕਤ ਕੀਤਾ ਹੈ।

ਇਸ ਨਿਯੁਕਤੀ ਨੂੰ ਪੰਜਾਬ 'ਚ ਭਾਜਪਾ ਵੱਲੋਂ ਘੱਟ ਗਿਣਤੀ ਭਾਈਚਾਰੇ ਤੱਕ ਆਪਣੀ ਪਹੁੰਚ ਮਜ਼ਬੂਤ ਕਰਨ ਦੀ ਰਣਨੀਤੀ ਵਜੋਂ ਦੇਖਿਆ ਜਾ ਰਿਹਾ ਹੈ। ਪਾਰਟੀ ਆਉਣ ਵਾਲੀਆਂ ਚੋਣਾਂ ਤੋਂ ਪਹਿਲਾਂ ਸੂਬੇ 'ਚ ਆਪਣੇ ਸੰਗਠਨ ਨੂੰ ਮਜ਼ਬੂਤ ਕਰਨ ਅਤੇ ਵੱਖ-ਵੱਖ ਵਰਗਾਂ ਨੂੰ ਪਾਰਟੀ ਨਾਲ ਜੋੜਨ ਲਈ ਯਤਨਸ਼ੀਲ ਹੈ।

ਭਾਜਪਾ ਦੀ ਇਸ ਨਿਯੁਕਤੀ ਨੂੰ ਆਗਾਮੀ ਚੋਣਾਂ ਲਈ ਸਿਆਸੀ ਅਤੇ ਸੰਗਠਨਾਤਮਕ ਤਿਆਰੀਆਂ ਦੇ ਅਹਿਮ ਹਿੱਸੇ ਵਜੋਂ ਦੇਖਿਆ ਜਾ ਰਿਹਾ ਹੈ।

— Shamsher Singh

BUSINESS

ਪੰਜਾਬ ''ਚ ਨੈਸ਼ਨਲ ਹਾਈਵੇਅ ਜਾਮ! ਇਸ ਪਾਸੇ ਜਾਣ ਤੋਂ ਪਹਿਲਾਂ ਪੜ੍ਹ ਲਓ ਪੂਰੀ ਖ਼ਬਰ



ਪੰਜਾਬ "ਚ ਨੈਸ਼ਨਲ ਹਾਈਵੇਅ ਜਾਮ! ਇਸ ਪਾਸੇ ਜਾਣ ਤੋਂ ਪਹਿਲਾਂ ਪੜ੍ਹ ਲਓ ਪੂਰੀ ਖ਼ਬਰ

Tuesday, Nov 17, 2026 ।

ਮੁਕੇਰੀਆਂ (need24): ਸੰਯੁਕਤ ਗੰਨਾ ਸੰਘਰਸ਼ ਕਮੇਟੀ ਪੰਜਾਬ ਵੱਲੋਂ ਗੰਨੇ ਦੇ ਰੇਟਾਂ 'ਚ ਵਾਧੇ ਦੀ ਮੰਗ ਨੂੰ ਲੈ ਕੇ ਮੁਕੇਰੀਆਂ ਗੰਨਾ ਮਿੱਲ ਸਾਹਮਣੇ ਅਣਮਿਥੇ ਸਮੇਂ ਲਈ ਜਲੰਧਰ-ਪਠਾਨਕੋਟ ਰਾਸ਼ਟਰੀ ਰਾਜ ਮਾਰਗ ਦੀ ਇਕ ਲਾਈਨ 'ਤੇ ਰੋਸ ਧਰਨਾ ਦਿੰਦੇ ਹੋਏ ਸੜਕ ਦੀ ਇੱਕ ਲਾਈਨ ਦੁਪਹਿਰ ਲਗਭਗ 12 ਵਜੇ ਜਾਮ ਕਰ ਦਿੱਤੀ।

ਇਸ ਮੌਕੇ ਗੁਰਨਾਮ ਸਿੰਘ, ਗੁਰਪ੍ਰਤਾਪ ਸਿੰਘ, ਰਿਕੀ ਠਾਕੁਰ, ਸਤਨਾਮ ਸਿੰਘ, ਸੋਨੂ ਔਲਖ, ਜਗਜੀਤ ਸਿੰਘ, ਬਲਜਿੰਦਰ ਸਿੰਘ, ਓਕਾਰ ਸਿੰਘ ਪੁਰਾਣਾ ਭੰਗਾਲਾ, ਵਿਜੇ ਪ੍ਰਧਾਨ, ਸੁਰਜੀਤ ਬਿੱਲਾ, ਕਾਮਰੇਡ ਧਿਆਨ ਸਿੰਘ ਆਦਿ ਵੱਖ-ਵੱਖ ਬੁਲਾਰਿਆਂ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਸਰਕਾਰ ਅਤੇ ਮਿੱਲਾਂ ਦੀ ਅਣਦੇਖੀ ਕਾਰਨ ਦੇਸ਼ ਦਾ ਗੰਨਾ ਕਿਸਾਨ ਬਹੁਤ ਹੀ ਬੁਰੀ ਤਰ੍ਹਾਂ ਪੀੜਤ ਹੋਇਆ ਹੈ। ਉਨ੍ਹਾਂ ਕਿਹਾ ਕਿ ਗੰਨਾ ਮਾਹਿਰਾਂ ਅਤੇ ਯੂਨੀਵਰਸਿਟੀਆਂ ਦੇ ਮਾਹਰਾਂ ਦੀ ਰਿਪੋਰਟ ਅਨੁਸਾਰ ਗੰਨੇ ਦੀ ਪ੍ਰਤੀ ਕੁਇੰਟਲ ਲਾਗਤ 392 ਬਣਦੀ ਹੈ। ਜਦੋਂਕਿ ਕੇਂਦਰ ਸਰਕਾਰ ਵੱਲੋਂ ਇਕ ਕੁਇੰਟਲ ਗੰਨੇ ਦਾ ਨਿਰਧਾਰਿਤ ਮੁੱਲ 365 ਹੈ। ਬੁਲਾਰਿਆਂ ਨੇ ਕਿਹਾ ਕਿ 40 ਰੁਪਏ ਕਿੱਲੋ ਵਿਕਣ ਵਾਲੀ ਖੰਡ ਵਧ ਕੇ ਹੁਣ 65 ਰੁਪਏ ਹੋ ਗਈ ਹੈ। ਬੁਲਾਰਿਆਂ ਨੇ ਗੰਨੇ ਦੀ ਕੀਮਤ ਪ੍ਰਤੀ ਕੁਇੰਟਲ 650 ਰੁਪਏ ਕੀਤੇ ਜਾਣ ਦੀ ਮੰਗ ਕੀਤੀ। ਆਗੂਆਂ ਨੇ ਗੰਨਾ ਕਿਸਾਨਾਂ ਦਾ ਬਣਦਾ ਬਿਕਾਇਆ ਬਿਨਾਂ ਦੇਰੀ ਜਾਰੀ ਕਰਨ ਦੀ ਮੰਗ ਕੀਤੀ। ਖ਼ਬਰ ਲਿਖੇ ਜਾਣ ਤਕ ਧਰਨਾ ਲਗਾਤਾਰ ਜਾਰੀ ਸੀ।

— Shamsher Singh

AGRICULTURE

ਗੁਰਦਾਸਪੁਰ ਪੰਜਾਬ ਭਰ ’ਚ ਰਿਹਾ ਮੋਹਰੀ, ਇਸ ਮਾਮਲੇ 'ਚ ਇਨ੍ਹਾਂ ਜ਼ਿਲ੍ਹਿਆਂ ਨੂੰ ਪਿੱਛੇ ਛੱਡਿਆ



ਗੁਰਦਾਸਪੁਰ ਪੰਜਾਬ ਭਰ ’ਚ ਰਿਹਾ ਮੋਹਰੀ, ਇਸ ਮਾਮਲੇ 'ਚ ਇਨ੍ਹਾਂ ਜ਼ਿਲ੍ਹਿਆਂ ਨੂੰ ਪਿੱਛੇ ਛੱਡਿਆ

Tuesday, Nov 17, 2026 ।

ਬਿਜਾਈ ਦੇ ਚੱਲ ਰਹੇ ਸੀਜ਼ਨ ਦੌਰਾਨ ਗੁਰਦਾਸਪੁਰ ਜ਼ਿਲ੍ਹੇ ਨੇ ਸ਼ਾਨਦਾਰ ਪ੍ਰਗਤੀ ਦਰਜ ਕਰਦਿਆਂ ਸੂਬੇ ਭਰ ਵਿਚ ਪਹਿਲਾ ਸਥਾਨ ਹਾਸਲ ਕੀਤਾ ਹੈ। ਮੁਹੱਈਆ ਜ਼ਿਲਾਵਾਰ ਅੰਕੜਿਆਂ ਅਨੁਸਾਰ ਨਵੰਬਰ ਦੇ ਦੂਜੇ ਹਫ਼ਤੇ ਤੱਕ ਜ਼ਿਲੇ ਦੇ ਕਣਕ ਦੀ ਬਿਜਾਈ ਅਧੀਨ ਕੁੱਲ ਰਕਬੇ ’ਚੋਂ 87 ਫ਼ੀਸਦੀ ਰਕਬੇ ਵਿਚ ਬਿਜਾਈ ਮੁਕੰਮਲ ਹੋ ਚੁੱਕੀ ਹੈ। ਕਿਸਾਨਾਂ ਵੱਲੋਂ ਝੋਨੇ ਦੀ ਕਟਾਈ ਦੇ ਨਾਲ-ਨਾਲ ਖੇਤਾਂ ਦੀ ਤਿਆਰੀ ਕਰ ਕੇ ਕਣਕ ਦੀ ਬਿਜਾਈ ਨੂੰ ਪਹਿਲ ਦੇਣ ਸਦਕਾ ਜ਼ਿਲੇ ਨੇ ਇਹ ਪ੍ਰਗਤੀ ਹਾਸਲ ਕੀਤੀ ਹੈ। ਇਸ ਮਾਮਲੇ ਵਿਚ ਗੁਰਦਾਸਪੁਰ ਨੇ ਮਲੇਰਕੋਟਲਾ, ਪਟਿਆਲਾ, ਸ਼ਹੀਦ ਭਗਤ ਸਿੰਘ ਨਗਰ ਅਤੇ ਰੂਪਨਗਰ ਵਰਗੇ ਜ਼ਿਲਿਆਂ ਨੂੰ ਵੀ ਪਿੱਛੇ ਛੱਡਿਆ ਹੈ।

ਅੰਕੜਿਆਂ ਅਨੁਸਾਰ ਮਲੇਰਕੋਟਲਾ ਵਿਚ 74.5 ਫ਼ੀਸਦੀ, ਪਟਿਆਲਾ ਵਿਚ 69.9 ਫ਼ੀਸਦੀ, ਸ਼ਹੀਦ ਭਗਤ ਸਿੰਘ ਨਗਰ ਜ਼ਿਲੇ ਵਿੱਚ 65.6 ਫ਼ੀਸਦੀ ਅਤੇ ਰੂਪਨਗਰ ਵਿਚ 61.6 ਫ਼ੀਸਦੀ ਰਕਬੇ ਵਿਚ ਕਣਕ ਦੀ ਬਿਜਾਈ ਹੋਈ ਸੀ। ਇਸ ਦੇ ਮੁਕਾਬਲੇ ਕਈ ਹੋਰ ਜ਼ਿਲਿਆਂ ਵਿਚ ਬਿਜਾਈ ਦੀ ਰਫ਼ਤਾਰ ਕਾਫ਼ੀ ਘੱਟ ਰਹੀ। ਪੰਜਾਬ ਵਿਚ ਕਣਕ ਦੀ ਬਿਜਾਈ ਲਈ ਲਗਭਗ 34.5 ਤੋਂ 35 ਲੱਖ ਹੈਕਟੇਅਰ ਰਕਬਾ ਨਿਰਧਾਰਤ ਹੈ ਅਤੇ ਕਿਸਾਨਾਂ ਲਈ 15 ਨਵੰਬਰ ਤੱਕ ਦਾ ਸਮਾਂ ਬਿਜਾਈ ਵਾਸਤੇ ਵਿਸ਼ੇਸ਼ ਮਹੱਤਵ ਰੱਖਦਾ ਹੈ। ਖੇਤੀ ਮਾਹਿਰਾਂ ਅਨੁਸਾਰ ਸਮੇਂ ਸਿਰ ਬਿਜਾਈ ਹੋਣ ਨਾਲ ਫ਼ਸਲ ਦਾ ਸਹੀ ਵਿਕਾਸ ਅਤੇ ਵਧੀਆ ਝਾੜ ਪ੍ਰਾਪਤ ਕਰਨ ਵਿਚ ਮਦਦ ਮਿਲਦੀ ਹੈ।

— Shamsher Singh

SPORTS

IPL Auction ਤੋਂ ਪਹਿਲਾਂ ਇਕ ਹੋਰ ਵੱਡਾ ਟ੍ਰੇਡ ! ਆਪਣੀ ਹੋਮ ਟੀਮ ''ਚ ਆਇਆ ਧਾਕੜ ਖਿਡਾਰੀ



IPL Auction ਤੋਂ ਪਹਿਲਾਂ ਇਕ ਹੋਰ ਵੱਡਾ ਟ੍ਰੇਡ ! ਆਪਣੀ ਹੋਮ ਟੀਮ "ਚ ਆਇਆ ਧਾਕੜ ਖਿਡਾਰੀ

Tuesday, Nov 17, 2026 ।

ਸਪੋਰਟਸ ਡੈਸਕ- IPL 2027 ਦੀ ਰਿਟੈਂਸ਼ਨ ਦਾ ਅੱਜ ਆਖ਼ਰੀ ਦਿਨ ਹੈ। ਅੱਜ ਸ਼ਾਮ ਨੂੰ ਸਾਰੀਆਂ ਟੀਮਾਂ ਵੱਲੋਂ ਰਿਟੇਨ ਤੇ ਰਿਲੀਜ਼ ਕੀਤੇ ਜਾਣ ਵਾਲੇ ਖਿਡਾਰੀਆਂ ਦੀ ਲਿਸਟ ਜਾਰੀ ਕਰ ਦਿੱਤੀ ਜਾਵੇਗੀ। ਇਸ ਡੈੱਡਲਾਈਨ ਵਾਲੇ ਦਿਨ ਇੱਕ ਹੋਰ ਵੱਡੀ ਟ੍ਰੇਡ ਡੀਲ ਸਾਹਮਣੇ ਆਈ ਹੈ। ਦੋ ਵਾਰ ਦੇ ਪਰਪਲ ਕੈਪ ਜੇਤੂ ਗੇਂਦਬਾਜ਼ ਹਰਸ਼ਲ ਪਟੇਲ ਸਨਰਾਈਜ਼ਰਜ਼ ਹੈਦਰਾਬਾਦ ਨੂੰ ਛੱਡ ਕੇ ਗੁਜਰਾਤ ਟਾਈਟਨਸ 'ਚ ਸ਼ਾਮਲ ਹੋ ਗਏ ਹਨ। IPL ਗਵਰਨਿੰਗ ਬਾਡੀ ਵੱਲੋਂ ਮੰਗਲਵਾਰ ਨੂੰ ਇਸ ਟ੍ਰੇਡ ਦੀ ਅਧਿਕਾਰਤ ਪੁਸ਼ਟੀ ਕਰ ਦਿੱਤੀ ਗਈ ਹੈ।

ਸਨਰਾਈਜ਼ਰਜ਼ ਹੈਦਰਾਬਾਦ ਨੇ IPL 2025 ਦੀ ਨਿਲਾਮੀ 'ਚ 35 ਸਾਲਾ ਹਰਸ਼ਲ ਪਟੇਲ ਨੂੰ 8 ਕਰੋੜ 'ਚ ਖ਼ਰੀਦਿਆ ਸੀ, ਪਰ ਹੁਣ ਉਹ 4 ਕਰੋੜ ਦੀ ਫੀਸ 'ਤੇ ਗੁਜਰਾਤ ਟਾਈਟਨਸ ਨਾਲ ਜੁੜੇ ਹਨ। ਅਹਿਮਦਾਬਾਦ 'ਚ ਜਨਮੇ ਪਟੇਲ 2025-26 ਸੀਜ਼ਨ ਤੋਂ ਘਰੇਲੂ ਕ੍ਰਿਕਟ ਵਿੱਚ ਵੀ ਗੁਜਰਾਤ ਦੀ ਨੁਮਾਇੰਦਗੀ ਕਰ ਰਹੇ ਹਨ ਅਤੇ ਹੁਣ ਉਹ ਆਪਣੀ ਘਰੇਲੂ IPL ਫ੍ਰੈਂਚਾਇਜ਼ੀ ਲਈ ਖੇਡਦੇ ਨਜ਼ਰ ਆਉਣਗੇ।

ਗੁਜਰਾਤ ਟਾਈਟਨਸ ਨੇ 2024 ਅਤੇ 2025 ਦੀਆਂ ਆਕਸ਼ਨਜ਼ ਦੌਰਾਨ ਵੀ ਹਰਸ਼ਲ ਨੂੰ ਖ਼ਰੀਦਣ ਦੀ ਕੋਸ਼ਿਸ਼ ਕੀਤੀ ਸੀ, ਪਰ ਉਦੋਂ ਹਰਸ਼ਲ ਗੁਜਰਾਤ ਟੀਮ ਨਾਲ ਨਹੀਂ ਜੁੜ ਸਕੇ। ਹੁਣ ਗੁਜਰਾਤ ਦੀ ਟੀਮ 'ਚ ਉਨ੍ਹਾਂ ਦੇ ਆਉਣ ਨਾਲ ਕਾਗਿਸੋ ਰਬਾਡਾ, ਮੁਹੰਮਦ ਸਿਰਾਜ, ਪ੍ਰਸਿੱਧ ਕ੍ਰਿਸ਼ਨਾ, ਜੇਸਨ ਹੋਲਡਰ ਅਤੇ ਅਸ਼ੋਕ ਸ਼ਰਮਾ ਵਰਗੇ ਗੇਂਦਬਾਜ਼ਾਂ ਵਾਲਾ ਪੇਸ ਅਟੈਕ ਹੋਰ ਮਜ਼ਬੂਤ ਹੋ ਗਿਆ ਹੈ।

— Shamsher Singh

POLITICS

ਸੁਖਬੀਰ ਬਾਦਲ ਨੇ ਦੂਜੀ ਵਾਰ ਰੱਦ ਕੀਤੀ 'ਬੱਸ ਯਾਤਰਾ', PM ਮੋਦੀ ਦੇ ਪੰਜਾਬ ਆਉਣ ਦੀ ਚਰਚਾ



ਸੁਖਬੀਰ ਬਾਦਲ ਨੇ ਦੂਜੀ ਵਾਰ ਰੱਦ ਕੀਤੀ 'ਬੱਸ ਯਾਤਰਾ', PM ਮੋਦੀ ਦੇ ਪੰਜਾਬ ਆਉਣ ਦੀ ਚਰਚਾ

Tuesday, Nov 17, 2026 ।

'ਚ ਸ਼੍ਰੋਮਣੀ ਅਕਾਲੀ ਦਲ ਅਤੇ ਭਾਰਤੀ ਜਨਤਾ ਪਾਰਟੀ ਵਿਚਕਾਰ ਮੁੜ ਗਠਜੋੜ ਹੋਣ ਦੀਆਂ ਚਰਚਾਵਾਂ ਨੇ ਇੱਕ ਵਾਰ ਫਿਰ ਜ਼ੋਰ ਫੜ੍ਹ ਲਿਆ ਹੈ। ਇਸੇ ਦੌਰਾਨ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਬਠਿੰਡਾ ਜ਼ਿਲ੍ਹੇ ਦੇ ਧਾਰਮਿਕ ਅਤੇ ਸਿਆਸੀ ਪੱਖੋਂ ਮਹੱਤਵਪੂਰਨ ਹਲਕੇ ਤਲਵੰਡੀ ਸਾਬੋ 'ਚ ਪ੍ਰਸਤਾਵਿਤ ਆਪਣੀ ਬੱਸ ਯਾਤਰਾ ਦੂਜੀ ਵਾਰ ਰੱਦ ਕਰ ਦਿੱਤੀ ਹੈ। ਪਹਿਲਾਂ 10 ਨਵੰਬਰ ਨੂੰ ਤੈਅ ਕੀਤਾ ਗਿਆ ਇਹ ਪ੍ਰੋਗਰਾਮ 16 ਨਵੰਬਰ ਲਈ ਮੁਲਤਵੀ ਕੀਤਾ ਗਿਆ ਸੀ, ਪਰ ਹੁਣ ਇਸ ਨੂੰ ਮੁੜ ਰੱਦ ਕਰ ਦਿੱਤਾ ਗਿਆ ਹੈ। ਫਿਲਹਾਲ ਪਾਰਟੀ ਵੱਲੋਂ ਪ੍ਰੋਗਰਾਮ ਦੀ ਕੋਈ ਨਵੀਂ ਤਾਰੀਖ਼ ਦਾ ਐਲਾਨ ਨਹੀਂ ਕੀਤਾ ਗਿਆ। ਸੁਖਬੀਰ ਬਾਦਲ ਦੀ ਬੱਸ ਯਾਤਰਾ ਰੱਦ ਹੋਣ ਦਾ ਇਹ ਘਟਨਾਕ੍ਰਮ ਅਜਿਹੇ ਸਮੇਂ ਸਾਹਮਣੇ ਆਇਆ ਹੈ, ਜਦੋਂ ਪੰਜਾਬ ਦੇ ਸਿਆਸੀ ਗਲਿਆਰਿਆਂ 'ਚ ਅਕਾਲੀ ਦਲ ਅਤੇ ਭਾਜਪਾ ਵਿਚਕਾਰ ਗਠਜੋੜ ਨੂੰ ਲੈ ਕੇ ਗੱਲਬਾਤ ਦੀਆਂ ਚਰਚਾਵਾਂ ਲਗਾਤਾਰ ਤੇਜ਼ ਹੋ ਰਹੀਆਂ ਹਨ। ਸਿਆਸੀ ਹਲਕਿਆਂ 'ਚ ਇਹ ਵੀ ਚਰਚਾ ਹੈ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ 21 ਅਤੇ 22 ਨਵੰਬਰ ਨੂੰ ਬਠਿੰਡਾ ਪਹੁੰਚ ਸਕਦੇ ਹਨ। ਉਨ੍ਹਾਂ ਦੇ ਸੰਭਾਵਿਤ ਦੌਰੇ ਨੂੰ ਲੈ ਕੇ ਵੀ ਕਈ ਤਰ੍ਹਾਂ ਦੇ ਸਿਆਸੀ ਕਿਆਸ ਲਗਾਏ ਜਾ ਰਹੇ ਹਨ। ਚਰਚਾ ਹੈ ਕਿ ਇਸ ਦੌਰੇ ਦੌਰਾਨ ਅਕਾਲੀ ਦਲ ਅਤੇ ਭਾਜਪਾ ਵਿਚਕਾਰ ਮੁੜ ਗਠਜੋੜ ਬਾਰੇ ਕੋਈ ਵੱਡਾ ਐਲਾਨ ਹੋ ਸਕਦਾ ਹੈ। ਹਾਲਾਂਕਿ ਪ੍ਰਧਾਨ ਮੰਤਰੀ ਦੇ ਦੌਰੇ ਅਤੇ ਗਠਜੋੜ ਦੇ ਰਸਮੀ ਐਲਾਨ ਬਾਰੇ ਅਜੇ ਤੱਕ ਕੋਈ ਅਧਿਕਾਰਤ ਪੁਸ਼ਟੀ ਨਹੀਂ ਹੋਈ ਹੈ।

— Shamsher Singh

CRIME

ਵਕੀਲ ਨੇ ਕਰਮਚਾਰੀ ਨੂੰ 'ਰੇਪਿਸ' ਕਹਿ ਕੇ ਤਾਨਿਆ, ਬਰੇਕਿੰਗ ਨਿਊਜ਼



ਪੰਜਾਬ ਵਿੱਚ ਇੱਕ ਤਾਜ਼ਾ ਘਟਨਾ ਵਿੱਚ, ਇੱਕ ਵਕੀਲ ਨੇ ਆਪਣੇ ਕਰਮਚਾਰੀ ਨੂੰ ਉਪਹਾਸੀ ਭਰੇ ਸ਼ਬਦ 'ਰੇਪਿਸ' ਨਾਲ ਤਾਨਿਆ, ਜਿਸ ਨੂੰ ਬਰੇਕਿੰਗ ਨਿਊਜ਼ ਵਜੋਂ ਦਰਜ ਕੀਤਾ ਗਿਆ।

ਵਕੀਲ ਨੇ ਮੀਟਿੰਗ ਦੌਰਾਨ ਜਾਂ ਸਮਾਜਿਕ ਮੀਡੀਆ 'ਤੇ ਕਰਮਚਾਰੀ ਨੂੰ ਨਿੰਦਾ ਕਰਦੇ ਹੋਏ ਇਹ ਸ਼ਬਦ ਵਰਤਿਆ, ਜਿਸ ਨਾਲ ਕਰਮਚਾਰੀ ਅਤੇ ਹੋਰ ਗਵਾਹਾਂ ਵਿੱਚ ਹੰਗਾਮਾ ਪੈਦਾ ਹੋਇਆ।

ਇਸ ਘਟਨਾ ਦੀ ਪੂਰੀ ਜਾਣਕਾਰੀ ਅਤੇ ਵਿਸਥਾਰਿਤ ਰਿਪੋਰਟ ਲਿੰਕ ਵਿੱਚ ਉਪਲਬਧ ਹੈ।

— Amandeep Singh

CRIME

ਪੰਜਾਬ: ਲੁੱਟ ਦੀ ਵਾਰਦਾਤ ਕਰਕੇ ਭੱਜ ਰਹੇ ਮੁਲਜ਼ਮਾਂ ਦੀ ਕਾਰ ਪਲਟੀ! ਪਿੰਡ ਵਾਸੀਆਂ ਨੇ ਕਾਬੂ ਕਰ ਕੀਤਾ ਪੁਲਸ ਹਵਾਲੇ



ਪੰਜਾਬ: ਲੁੱਟ ਦੀ ਵਾਰਦਾਤ ਕਰਕੇ ਭੱਜ ਰਹੇ ਮੁਲਜ਼ਮਾਂ ਦੀ ਕਾਰ ਪਲਟੀ! ਪਿੰਡ ਵਾਸੀਆਂ ਨੇ ਕਾਬੂ ਕਰ ਕੀਤਾ ਪੁਲਸ ਹਵਾਲੇ

Tuesday, Nov 17, 2026 - 12:57 PM (IST)

ਬਠਿੰਡਾ (need24): ਸੰਗਤ ਮੰਡੀ ਖੇਤਰ ਦੇ ਪਿੰਡ ਮਹਿਲਾ ਨੇੜੇ ਲੁੱਟ-ਖੋਹ ਦੀ ਵਾਰਦਾਤ ਨੂੰ ਅੰਜਾਮ ਦੇ ਕੇ ਫਰਾਰ ਹੋਣ ਦੀ ਕੋਸ਼ਿਸ਼ ਕਰ ਰਹੇ ਤਿੰਨੇਂ ਨੌਜਵਾਨ ਆਖਰਕਾਰ ਪੁਲਸ ਦੇ ਹੱਥੇ ਚੜ੍ਹ ਗਏ। 50 ਹਜ਼ਾਰ ਰੁਪਏ ਅਤੇ ਮੋਬਾਈਲ ਫੋਨ ਖੋਹ ਕੇ ਕਾਰ ਵਿਚ ਭੱਜ ਰਹੇ ਮੁਲਜ਼ਮਾਂ ਦੀ ਕਾਰ ਪਲਟਣ ਕਾਰਨ ਉਨ੍ਹਾਂ ਦੀ ਸਾਰੀ ਯੋਜਨਾ ਧਰੀ-ਧਰਾਈ ਰਹਿ ਗਈ। ਮੌਕੇ ’ਤੇ ਪਹੁੰਚੇ ਪਿੰਡ ਵਾਸੀਆਂ ਨੇ ਦੋ ਨੌਜਵਾਨਾਂ ਨੂੰ ਕਾਬੂ ਕਰਕੇ ਪੁਲਸ ਹਵਾਲੇ ਕਰ ਦਿੱਤਾ ਸੀ, ਜਦਕਿ ਫਰਾਰ ਹੋਏ ਤੀਜੇ ਸਾਥੀ ਨੂੰ ਵੀ ਪੁਲਸ ਨੇ ਗ੍ਰਿਫ਼ਤਾਰ ਕਰ ਲਿਆ ਹੈ। ਤਿੰਨ ਨੌਜਵਾਨਾਂ ਨੇ ਕਥਿਤ ਤੌਰ ’ਤੇ 50 ਹਜ਼ਾਰ ਰੁਪਏ ਅਤੇ ਮੋਬਾਈਲ ਫੋਨ ਖੋਹ ਲਿਆ ਅਤੇ ਕਾਰ ਵਿਚ ਫਰਾਰ ਹੋਣ ਲੱਗੇ। ਪਰ ਰਸਤੇ ਵਿਚ ਉਨ੍ਹਾਂ ਦੀ ਕਾਰ ਪਲਟ ਗਈ। ਕਾਰ ਪਲਟਣ ਦੀ ਘਟਨਾ ਤੋਂ ਬਾਅਦ ਇਕੱਠੇ ਹੋਏ ਪਿੰਡ ਵਾਸੀਆਂ ਨੇ ਮੁਲਜ਼ਮਾਂ ਨੂੰ ਘੇਰ ਲਿਆ। ਇਸ ਦੌਰਾਨ ਇਕ ਨੌਜਵਾਨ ਮੌਕੇ ਤੋਂ ਫਰਾਰ ਹੋ ਗਿਆ, ਜਦਕਿ ਦੋ ਨੂੰ ਲੋਕਾਂ ਨੇ ਕਾਬੂ ਕਰ ਲਿਆ। ਫੜੇ ਗਏ ਦੋਵੇਂ ਨੌਜਵਾਨ ਬੀਬੀ ਵਾਲਾ ਅਤੇ ਮੈਣਾ ਪਿੰਡ ਦੇ ਰਹਿਣ ਵਾਲੇ ਦੱਸੇ ਜਾ ਰਹੇ ਹਨ।

ਇਸ ਸਬੰਧੀ ਸੰਗਤ ਥਾਣਾ ਮੁਖੀ ਨੇ ਦੱਸਿਆ ਕਿ ਵਾਰਦਾਤ ਵਿਚ ਸ਼ਾਮਲ ਤੀਜੇ ਸਾਥੀ ਨੂੰ ਵੀ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਮਾਮਲੇ ਸਬੰਧੀ ਪੂਰੀ ਜਾਣਕਾਰੀ ਅਤੇ ਹੋਰ ਵੇਰਵੇ ਕੁਝ ਸਮੇਂ ਬਾਅਦ ਵਿਸਥਾਰ ਨਾਲ ਸਾਂਝੇ ਕੀਤੇ ਜਾਣਗੇ। ਉੱਧਰ ਪੀੜਤ ਨੇ ਦੱਸਿਆ ਕਿ ਉਸ ਦਾ ਮੋਬਾਈਲ ਫੋਨ ਅਤੇ 50 ਹਜ਼ਾਰ ਰੁਪਏ ਖੋਹ ਕੇ ਲਿਜਾਣ ਵਾਲੇ ਤਿੰਨੇਂ ਵਿਅਕਤੀ ਪੁਲਿਸ ਦੇ ਹੱਥੇ ਚੜ੍ਹ ਗਏ ਹਨ। ਉਸ ਨੇ ਕਿਹਾ ਕਿ ਹੁਣ ਕਾਨੂੰਨ ਆਪਣਾ ਕੰਮ ਕਰੇਗਾ ਅਤੇ ਦੋਸ਼ੀਆਂ ਨੂੰ ਉਨ੍ਹਾਂ ਦੇ ਕੀਤੇ ਦੀ ਸਜ਼ਾ ਮਿਲੇਗੀ।

ਇਸ ਤਰ੍ਹਾਂ ਕਾਰ ਪਲਟਣ ਤੋਂ ਸ਼ੁਰੂ ਹੋਈ ਘਟਨਾ ਵਿਚ ਪਿੰਡ ਵਾਸੀਆਂ ਦੀ ਤੁਰੰਤ ਕਾਰਵਾਈ ਅਤੇ ਪੁਲਸ ਦੀ ਅਗਲੀ ਕਾਰਵਾਈ ਨਾਲ ਤਿੰਨੇਂ ਮੁਲਜ਼ਮ ਗ੍ਰਿਫ਼ਤਾਰ ਹੋ ਗਏ। ਹੁਣ ਪੁਲਸ ਦੀ ਵਿਸਥਾਰਤ ਜਾਣਕਾਰੀ ਅਤੇ ਅਗਲੀ ਕਾਨੂੰਨੀ ਕਾਰਵਾਈ ਦਾ ਇੰਤਜ਼ਾਰ ਹੈ।

— Shamsher Singh

AGRICULTURE

ਪ੍ਰਦੂਸ਼ਣ ਲਈ ਕਿਸਾਨ ਨਹੀਂ ਕਸੂਰਵਾਰ'', ਪੰਜਾਬ ਦੌਰੇ ''ਤੇ ਆਏ ਕੇਂਦਰੀ ਖੇਤੀਬਾੜੀ ਮੰਤਰੀ ਨੇ ਦਿੱਤਾ ਵੱਡਾ ਬਿਆਨ



ਪ੍ਰਦੂਸ਼ਣ ਲਈ ਕਿਸਾਨ ਨਹੀਂ ਕਸੂਰਵਾਰ", ਪੰਜਾਬ ਦੌਰੇ "ਤੇ ਆਏ ਕੇਂਦਰੀ ਖੇਤੀਬਾੜੀ ਮੰਤਰੀ ਨੇ ਦਿੱਤਾ ਵੱਡਾ ਬਿਆਨ

Tuesday, Nov 17, 2026 ।

ਚੰਡੀਗੜ੍ਹ/ਲੁਧਿਆਣਾ (ਵੈੱਬ ਡੈਸਕ,SSM): ਅੱਜ ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਪੰਜਾਬ ਦੌਰੇ 'ਤੇ ਹਨ। ਇਸ ਦੌਰਾਨ ਉਹ ਲੁਧਿਆਣਾ ਪਹੁੰਚੇ ਤੇ ਪਰਾਲੀ ਪ੍ਰਬੰਧਨ ਲਈ ਕੀਤੇ ਜਾ ਰਹੇ ਕੰਮਾਂ ਦਾ ਜਾਇਜ਼ਾ ਲਿਆ। ਇਸ ਮੌਕੇ ਚੌਹਾਨ ਨੇ ਪੰਜਾਬ ਦੇ ਕਿਸਾਨਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਪ

ਕਰਵਾਉਣ ਲਈ ਤਿਆਰ ਨਹੀਂ ਪਰਿਵਾਰ, ਪੁਲਿਸ ਨੂੰ ਦਿੱਤਾ ਕੁਝ ਹੋਰ ਸਮਾਂ

17 ਨਵੰਬਰ

ਲਾਲਤੂ: ਪਿੰਡ ਬੱਲੋਪੁਰ ਵਿੱਚ ਢਾਈ ਸਾਲਾ ਮਾਸੂਮ ਗੁਰਸਾਂਝ ਦੀ ਸ਼ੱਕੀ ਹਾਲਾਤਾਂ ਵਿੱਚ ਹੋਈ ਮੌਤ ਦੇ ਮਾਮਲੇ ਵਿੱਚ 72 ਘੰਟੇ ਬੀਤ ਜਾਣ ਦੇ ਬਾਵਜੂਦ ਪੁਲਿਸ ਅਜੇ ਤੱਕ ਦੋਸ਼ੀਆਂ ਤੱਕ ਨਹੀਂ ਪਹੁੰਚ ਸਕੀ ਹੈ। ਪੁਲਿਸ ਦੇ ਹੱਥ ਖਾਲੀ ਹੋਣ ਕਾਰਨ ਪੀੜਤ ਪਰਿਵਾਰ ਵਿੱਚ ਰੋਹ ਲਗਾਤਾਰ ਵਧਦਾ ਜਾ ਰਿਹਾ ਹੈ। ਉੱਧਰ, ਪਰਿਵਾਰਕ ਮੈਂਬਰ ਦੋਸ਼ੀਆਂ ਦੀ ਗ੍ਰਿਫ਼ਤਾਰੀ ਤੱਕ ਮਾਸੂਮ ਦੀ ਲਾਸ਼ ਦਾ ਪੋਸਟਮਾਰਟਮ ਕਰਵਾਉਣ ਲਈ ਸਹਿਮਤੀ ਦੇਣ ਨੂੰ ਬਿਲਕੁਲ ਤਿਆਰ ਨਹੀਂ ਹਨ। ਉਨ੍ਹਾਂ ਨੇ ਸਾਫ਼ ਕਰ ਦਿੱਤਾ ਹੈ ਕਿ ਜਦੋਂ ਤੱਕ ਮਾਸੂਮ ਦੀ ਮੌਤ ਦੇ ਜ਼ਿੰਮੇਵਾਰ ਵਿਅਕਤੀ ਨੂੰ ਪੁਲਿਸ ਗ੍ਰਿਫ਼ਤਾਰ ਨਹੀਂ ਕਰਦੀ, ਤਦ ਤੱਕ ਉਹ ਕਿਸੇ ਵੀ ਕੀਮਤ 'ਤੇ ਪੋਸਟਮਾਰਟਮ ਨਹੀਂ ਕਰਵਾਉਣਗੇ।

ਪਿੰਡ ਬੱਲੋਪੁਰ ਮਾਮਲੇ ਦੀ ਜਾਂਚ ਲਈ ਪਹੁੰਚੇ ਡੀ.ਐੱਸ.ਪੀ. ਹੈਡਕੁਆਰਟਰ ਵਰਿੰਦਰ ਸਿੰਘ ਖੋਸਾ ਨੇ ਦੱਸਿਆ ਕਿ ਪੁਲਿਸ ਦੀਆਂ ਵੱਖ-ਵੱਖ ਟੀਮਾਂ ਇਸ ਮਾਮਲੇ ਦੀ ਬਾਰੀਕੀ ਨਾਲ ਜਾਂਚ ਕਰ ਰਹੀਆਂ ਹਨ। ਪੁਲਿਸ ਨੇ ਕੁਝ ਸ਼ੱਕੀ ਵਿਅਕਤੀਆਂ ਨੂੰ ਪੁੱਛਗਿੱਛ ਲਈ ਹਿਰਾਸਤ ਵਿੱਚ ਲਿਆ ਹੋਇਆ ਹੈ ਅਤੇ ਉਨ੍ਹਾਂ ਤੋਂ ਕੀਤੀ ਜਾ ਰਹੀ ਪੁੱਛਗਿੱਛ ਦੇ ਆਧਾਰ 'ਤੇ ਮਾਮਲੇ ਦੀ ਗੰਭੀਰਤਾ ਨਾਲ ਪੜਤਾਲ ਜਾਰੀ ਹੈ। ਉਨ੍ਹਾਂ ਦਾਅਵਾ ਕੀਤਾ ਕਿ ਪੁਲਿਸ ਨੇ ਮਾਮਲੇ ਨੂੰ ਕਾਫ਼ੀ ਹੱਦ ਤੱਕ ਟਰੇਸ ਕਰ ਲਿਆ ਹੈ ਅਤੇ ਜਲਦੀ ਹੀ ਇਸ ਦਾ ਖੁਲਾਸਾ ਕਰ ਦਿੱਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਕਤਲ ਸੰਬੰਧੀ ਮਾਮਲੇ ਦੀ ਅਸਲ ਸੱਚਾਈ ਪੋਸਟਮਾਰਟਮ ਰਿਪੋਰਟ ਆਉਣ ਤੋਂ ਬਾਅਦ ਹੀ ਸਾਹਮਣੇ ਆ ਸਕੇਗੀ।

ਕਹਿਣਾ ਹੈ ਕਿ ਜਦੋਂ ਤੱਕ ਬੱਚੇ ਦੀ ਮੌਤ ਦੇ ਜ਼ਿੰਮੇਵਾਰ ਵਿਅਕਤੀ ਨੂੰ ਪੁਲਿਸ ਕਾਬੂ ਨਹੀਂ ਕਰਦੀ, ਤਦ ਤੱਕ ਉਹ ਲਾਸ਼ ਦਾ ਪੋਸਟਮਾਰਟਮ ਨਹੀਂ ਕਰਵਾਉਣ ਦੇਣਗੇ। ਪਰਿਵਾਰ ਨੇ ਦੱਸਿਆ ਕਿ ਪੁਲਿਸ ਅਧਿਕਾਰੀਆਂ ਦੇ ਵਿਸ਼ੇਸ਼ ਅਨੁਰੋਧ 'ਤੇ ਉਨ੍ਹਾਂ ਨੇ ਦੋਸ਼ੀਆਂ ਦਾ ਸੁਰਾਗ ਲਗਾਉਣ ਲਈ ਪੁਲਿਸ ਨੂੰ ਕੁਝ ਹੋਰ ਸਮਾਂ ਦਿੱਤਾ ਹੈ। ਜੇਕਰ ਪੁਲਿਸ ਤੈਅ ਸਮੇਂ ਵਿੱਚ ਦੋਸ਼ੀ ਨੂੰ ਗ੍ਰਿਫ਼ਤਾਰ ਕਰਨ ਵਿੱਚ ਨਾਕਾਮ ਰਹਿੰਦੀ ਹੈ ਤਾਂ ਉਹ ਕੋਈ ਸਖ਼ਤ ਕਦਮ ਚੁੱਕਣ ਲਈ ਮਜਬੂਰ ਹੋਣਗੇ, ਜਿਸ ਦੀ ਪੂਰੀ ਜ਼ਿੰਮੇਵਾਰੀ ਪੁਲਿਸ ਪ੍ਰਸ਼ਾਸਨ ਦੀ ਹੋਵੇਗੀ।

ਮਾਸੂਮ ਦੀ ਮੌਤ ਤੋਂ ਬਾਅਦ ਪੀੜਤ ਪਰਿਵਾਰ ਨੂੰ ਦਿਲਾਸਾ ਦੇਣ ਲਈ ਰਿਸ਼ਤੇਦਾਰਾਂ ਅਤੇ ਆਸ-ਪਾਸ ਦੇ ਪਿੰਡਾਂ ਦੇ ਲੋਕਾਂ ਦਾ ਲਗਾਤਾਰ ਪਹੁੰਚਣਾ ਜਾਰੀ ਹੈ। ਉੱਥੇ ਹੀ, ਪਰਿਵਾਰਕ ਮੈਂਬਰ ਆਪਣੇ ਮਾਸੂਮ ਬੱਚੇ ਨੂੰ ਇਨਸਾਫ਼ ਦਿਵਾਉਣ ਦੀ ਮੰਗ 'ਤੇ ਅੜੇ ਹੋਏ ਹਨ। ਹੁਣ ਸਾਰਿਆਂ ਦੀਆਂ ਨਜ਼ਰਾਂ ਪੁਲਿਸ ਦੀ ਜਾਂਚ ਅਤੇ ਦੋਸ਼ੀਆਂ ਦੀ ਗ੍ਰਿਫ਼ਤਾਰੀ 'ਤੇ ਟਿਕੀਆਂ ਹੋਈਆਂ ਹਨ।

— Gaurav Sharma

ਪੰਜਾਬ ਦੇ ਭਵਿੱਖ ਅਤੇ 2027 ਦੀ ਰਣਨੀਤੀ ਨੂੰ ਲੈਕੇ ਰਵਿੰਦਰ ਸਿੰਘ ਬ੍ਰਹਮਪੁਰਾ ਦੀ ਮਨੀਸ਼ ਸਿਸੋਦੀਆ ਨਾਲ ਅਹਿਮ ਮੁਲਾਕਾਤ



ਤਰਨਤਾਰਨ -17 ਨਵੰਬਰ (ਪ੍ਰਕਾਸ਼ ਸਿੰਘ) ਆਮ ਆਦਮੀ ਪਾਰਟੀ ਦੇ ਆਗੂ ਅਤੇ ਸਾਬਕਾ ਵਿਧਾਇਕ ਸ੍ ਰਵਿੰਦਰ ਸਿੰਘ ਬ੍ਰਹਮਪੁਰਾ ਨੇ ਪਾਰਟੀ ਦੇ ਸੀਨੀਅਰ ਆਗੂ ਸ੍ਰੀ ਮਨੀਸ਼ ਸਿਸੋਦੀਆ ਜੀ ਨਾਲ ਇੱਕ ਅਹਿਮ ਅਤੇ ਸੁਹਿਰਦ ਮੁਲਾਕਾਤ ਕੀਤੀ। ਇਸ ਦੌਰਾਨ ਪੰਜਾਬ ਦੀ ਮੌਜੂਦਾ ਸਿਆਸੀ, ਸਮਾਜਿਕ ਅਤੇ ਆਰਥਿਕ ਸਥਿਤੀ ਦੇ ਵੱਖ-ਵੱਖ ਪਹਿਲੂਆਂ ’ਤੇ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ। ਮੁਲਾਕਾਤ ਦਾ ਮੁੱਖ ਕੇਂਦਰ ਪੰਜਾਬ ਦੇ ਹਿੱਤਾਂ, ਸੂਬੇ ਨੂੰ ਦਰਪੇਸ਼ ਚੁਣੌਤੀਆਂ ਅਤੇ ਲੋਕਾਂ ਦੀਆਂ ਉਮੀਦਾਂ ਅਨੁਸਾਰ ਭਵਿੱਖ ਦੀਆਂ ਤਰਜੀਹਾਂ ਬਾਰੇ ਵਿਚਾਰ ਸਾਂਝੇ ਕਰਨਾ ਰਿਹਾ।

ਹਾਲਾਤ ਬਾਰੇ ਆਪਣੇ ਵਿਚਾਰ ਰੱਖਦਿਆਂ ਕਿਹਾ ਕਿ ਸੂਬਾ ਅੱਜ ਕਈ ਅਹਿਮ ਚੁਣੌਤੀਆਂ ਵਿੱਚੋਂ ਗੁਜ਼ਰ ਰਿਹਾ ਹੈ। ਪੰਜਾਬ ਦੀ ਆਰਥਿਕਤਾ ਨੂੰ ਮਜ਼ਬੂਤ ਕਰਨਾ, ਨੌਜਵਾਨਾਂ ਲਈ ਰੁਜ਼ਗਾਰ ਦੇ ਵਧੇਰੇ ਮੌਕੇ ਪੈਦਾ ਕਰਨਾ, ਕਿਸਾਨੀ ਨੂੰ ਦਰਪੇਸ਼ ਸਮੱਸਿਆਵਾਂ ਦਾ ਹੱਲ, ਸਿਹਤ ਅਤੇ ਸਿੱਖਿਆ ਸਹੂਲਤਾਂ ਵਿੱਚ ਸੁਧਾਰ ਅਤੇ ਪੇਂਡੂ ਖੇਤਰਾਂ ਦਾ ਸਰਵਪੱਖੀ ਵਿਕਾਸ ਅਜਿਹੇ ਵਿਸ਼ੇ ਹਨ, ਜਿਨ੍ਹਾਂ ਨੂੰ ਤਰਜੀਹ ਦੇਣੀ ਬੇਹੱਦ ਜ਼ਰੂਰੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੀਆਂ ਸਮੱਸਿਆਵਾਂ ਨੂੰ ਸਮਝਣ ਲਈ ਜ਼ਮੀਨੀ ਹਕੀਕਤਾਂ ਅਤੇ ਆਮ ਲੋਕਾਂ ਦੀਆਂ ਭਾਵਨਾਵਾਂ ਨੂੰ ਸਮਝਣਾ ਲਾਜ਼ਮੀ ਹੈ। ਇਸ ਮੌਕੇ ਸ੍ਰੀ ਮਨੀਸ਼ ਸਿਸੋਦੀਆ ਜੀ ਨੇ ਪੰਜਾਬ ਨਾਲ ਜੁੜੇ ਇਨ੍ਹਾਂ ਮੁੱਦਿਆਂ ਨੂੰ ਬੜੀ ਗੰਭੀਰਤਾ ਨਾਲ ਸੁਣਿਆ ਅਤੇ ਵੱਖ-ਵੱਖ ਪਹਿਲੂਆਂ ’ਤੇ ਡੂੰਘਾਈ ਨਾਲ ਵਿਚਾਰ ਸਾਂਝੇ ਕੀਤੇ। ਬ੍ਰਹਮਪੁਰਾ ਨੇ ਇਸ ਗੱਲਬਾਤ ਨੂੰ ਪੰਜਾਬ ਦੇ ਭਵਿੱਖ ਨਾਲ ਜੁੜੇ ਮੁੱਦਿਆਂ ’ਤੇ ਇੱਕ ਸਾਰਥਕ ਸੰਵਾਦ ਦੱਸਿਆ।

ਇਸ ਮੁਲਾਕਾਤ ਦੌਰਾਨ ਪੰਜਾਬ ਦੀ ਸਿਆਸਤ ਅਤੇ ਪੰਥਕ ਖੇਤਰ ਵਿੱਚ ਸਤਿਕਾਰਯੋਗ ਜਥੇਦਾਰ ਰਣਜੀਤ ਸਿੰਘ ਬ੍ਰਹਮਪੁਰਾ ਜੀ ਵੱਲੋਂ ਪਾਏ ਗਏ ਵੱਡਮੁੱਲੇ ਯੋਗਦਾਨ ਬਾਰੇ ਵੀ ਵਿਸ਼ੇਸ਼ ਤੌਰ ’ਤੇ ਵਿਚਾਰ-ਚਰਚਾ ਹੋਈ। ਉਨ੍ਹਾਂ ਵੱਲੋਂ ਪੰਜਾਬ ਦੇ ਹਿੱਤਾਂ, ਪੰਥਕ ਮਸਲਿਆਂ ਅਤੇ ਲੋਕ ਸੇਵਾ ਲਈ ਨਿਭਾਈ ਗਈ ਭੂਮਿਕਾ ਅਤੇ ਉਨ੍ਹਾਂ ਦੀ ਸਿਆਸੀ ਵਿਰਾਸਤ ਬਾਰੇ ਗੱਲਬਾਤ ਕੀਤੀ ਗਈ।

ਉਨ੍ਹਾਂ ਨੂੰ ਮਾਣ ਹੈ ਕਿ ਉਨ੍ਹਾਂ ਦੇ ਪਰਿਵਾਰ ਦੀ ਸਿਆਸੀ ਯਾਤਰਾ ਹਮੇਸ਼ਾ ਸਾਫ਼-ਸੁਥਰੀ ਸਿਆਸਤ, ਸਿਧਾਂਤਕ ਵਚਨਬੱਧਤਾ ਅਤੇ ਲੋਕ ਸੇਵਾ ਦੀ ਭਾਵਨਾ ਨਾਲ ਜੁੜੀ ਰਹੀ ਹੈ। ਉਨ੍ਹਾਂ ਅਨੁਸਾਰ ਪਰਿਵਾਰ ਲਈ ਸਿਆਸਤ ਕਦੇ ਵੀ ਸਿਰਫ਼ ਸੱਤਾ ਜਾਂ ਅਹੁਦਿਆਂ ਦੀ ਪ੍ਰਾਪਤੀ ਦਾ ਸਾਧਨ ਨਹੀਂ ਰਹੀ, ਸਗੋਂ ਪੰਜਾਬ, ਪੰਜਾਬੀਆਂ ਅਤੇ ਪੰਥਕ ਹਿੱਤਾਂ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾਉਣ ਦਾ ਮਾਧਿਅਮ ਰਹੀ ਹੈ।

2027 ਦੇ ਮਿਸ਼ਨ ਅਤੇ ਪਾਰਟੀ ਦੀ ਭਵਿੱਖੀ ਰਣਨੀਤੀ ਬਾਰੇ ਵੀ ਹੋਈ ਚਰਚਾ

ਮੁਲਾਕਾਤ ਦੌਰਾਨ ਆਮ ਆਦਮੀ ਪਾਰਟੀ ਦੀ ਭਵਿੱਖੀ ਰਣਨੀਤੀ, ਜਥੇਬੰਦਕ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਅਤੇ 2027 ਦੇ ਮਿਸ਼ਨ ਨੂੰ ਲੈ ਕੇ ਵੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਲੋਕਾਂ ਨਾਲ ਬਿਹਤਰ ਸੰਵਾਦ ਸਥਾਪਤ ਕਰਨ, ਜ਼ਮੀਨੀ ਪੱਧਰ ’ਤੇ ਪਾਰਟੀ ਦੀ ਸਰਗਰਮੀ ਅਤੇ ਪੰਜਾਬ ਦੇ ਰਾਜਨੀਤਿਕ ਹਾਲਾਤ ਦੇ ਵੱਖ-ਵੱਖ ਪਹਿਲੂਆਂ ਬਾਰੇ ਵੀ ਵਿਚਾਰ ਸਾਂਝੇ ਕੀਤੇ ਗਏ।

ਰਵਿੰਦਰ ਸਿੰਘ ਬ੍ਰਹਮਪੁਰਾ ਨੇ ਕਿਹਾ ਕਿ ਪੰਜਾਬ ਦੀ ਤਰੱਕੀ ਲਈ ਲੋਕਾਂ ਦੀਆਂ ਉਮੀਦਾਂ ਨੂੰ ਸਮਝਣਾ ਅਤੇ ਉਨ੍ਹਾਂ ਦੇ ਅਸਲ ਮੁੱਦਿਆਂ ਨੂੰ ਤਰਜੀਹ ਦੇਣਾ ਬੇਹੱਦ ਜ਼ਰੂਰੀ ਹੈ। ਸੂਬੇ ਦਾ ਉੱਜਵਲ ਭਵਿੱਖ ਸਾਂਝੀ ਸੋਚ, ਜ਼ਿੰਮੇਵਾਰ ਪਹੁੰਚ ਅਤੇ ਲੋਕ ਹਿੱਤਾਂ ਨੂੰ ਸਮਰਪਿਤ ਯਤਨਾਂ ਨਾਲ ਹੀ ਯਕੀਨੀ ਬਣਾਇਆ ਜਾ ਸਕਦਾ ਹੈ।

— Parkash singh